ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 13 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੨੯ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 1,000 ਕਰੋੜ ਰੁਪਏ ਦਾ ਨਵਾਂ ਕਰਜ਼ਾ ਲਏਗੀ ਮਾਨ ਸਰਕਾਰ; ਲਗਾਤਾਰ ਭਾਰੀ ਹੋ ਰਹੀ ਕਰਜ਼ੇ ਦੀ ਪੰਡ

**ਚੰਡੀਗੜ੍ਹ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਇਸ ਸਮੇਂ ਇੱਕ ਵੱਡੇ ਵਿੱਤੀ ਸੰਕਟ ਅਤੇ ਵਧਦੇ ਕਰਜ਼ੇ ਦੇ ਬੋਝ ਹੇਠ ਦੱਬੀ ਹੋਈ ਹੈ, ਜੋ ਕੁੱਲ ਜੀਐਸਡੀਪੀ ਦੇ 46% (4 ਲੱਖ ਕਰੋੜ ਰੁਪਏ ਤੋਂ ਵੱਧ) ਤੱਕ ਪਹੁੰਚ ਗਿਆ ਹੈ। ਪੰਜਾਬ ਸਰਕਾਰ ਦੇ ਸਿਰ ਕਰਜ਼ੇ ਦੀ ਪੰਡ ਲਗਾਤਾਰ ਵਧਦੀ ਜਾ ਰਹੀ ਹੈ। ਹੁਣ ਪੰਜਾਬ ਸਰਕਾਰ ਫੇਰ ਤੋਂ 1000 ਕਰੋੜ ਦਾ ਨਵਾਂ ਕਰਜ਼ਾ ਲੈਣ ਜਾ ਰਹੀ ਹੈ। ਮਿਲੀ ਜਾਣਕਾਰੀ ਮੁਤਾਬਿਕ ਪੰਜਾਬ ਸਰਕਾਰ ਵੱਲੋਂ 1,000 ਕਰੋੜ ਦੇ ਸਟੇਟ ਡਿਵੈਲਪਮੈਂਟ ਲੋਨ ਨੂੰ ਮੁੜ ਜਾਰੀ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਦੱਸ ਦਈਏ ਕਿ ਸਰਕਾਰ ਨੇ ਪੰਜਾਬ 'ਚ ਵਿਕਾਸ ਯੋਜਨਾ ਨੂੰ ਚਲਾਉਣ ਲਈ ਨਵਾਂ ਕਰਜ਼ਾ ਲੈਣ ਦਾ ਹਵਾਲਾ ਦਿੱਤਾ ਹੈ। ਇਸ ਮੁਤਾਬਿਕ ਆਰਬੀਆਈ ਤੋਂ 7.55 % ਵਿਆਦ ਦਰ ਨਾਲ 7 ਸਾਲ ਦੇ ਲਈ ਪੰਜਾਬ ਸਰਕਾਰ ਨੂੰ 1000 ਕਰੋੜ ਰੁਪਏ ਦਾ ਲੋਨ ਮਿਲੇਗਾ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਬੀਤੇ ਅਪ੍ਰੈਲ ਮਹੀਨੇ 'ਚ 2800 ਕਰੋੜ ਦਾ ਕਰਜ਼ਾ ਚੁੱਕਿਆ ਸੀ।

ਭਾਰੀ ਹੋਈ ਕਰਜ਼ੇ ਦੀ ਪੰਡ, 4 ਲੱਖ ਕਰੋੜ ਤੋਂ ਪਾਰ

2021-22- 2,82,870 ਕਰੋੜ

2022-23- 3,12,028 ਕਰੋੜ

2023-24- 3,43,626 ਕਰੋੜ

2024-25- 3,74,406 ਕਰੋੜ

2025-26- 4,17,136 ਕਰੋੜ

# ਈਰਾਨ ਨੇ ਫਿਰ ਕੀਤਾ ਜਹਾਜ਼ 'ਤੇ ਹਮਲਾ

# 11 ਭਾਰਤੀ ਸਨ ਸਵਾਰ, ਵਿਦੇਸ਼ ਮੰਤਰਾਲੇ ਨੇ ਕੀਤੀ ਨਿੰਦਾ

**ਨਵੀਂ ਦਿੱਲੀ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਨੇ ਹੋਰਮੁਜ਼ ਜਲਡਮਰੂ ਵਿੱਚ ਇੱਕ ਵਪਾਰਕ ਜਹਾਜ਼ 'ਤੇ ਹੋਏ ਹਮਲੇ 'ਤੇ ਸਖ਼ਤ ਪ੍ਰਤੀਕਿਰਿਆ ਦਿੱਤੀ ਹੈ। GFS ਗਲੈਕਸੀ ਨਾਮਕ ਇਹ ਜਹਾਜ਼ 11 ਭਾਰਤੀ ਨਾਗਰਿਕਾਂ ਨੂੰ ਲੈ ਕੇ ਜਾ ਰਿਹਾ ਸੀ, ਜਦੋਂ ਓਮਾਨ ਦੇ ਤੱਟ 'ਤੇ ਹਮਲਾ ਕੀਤਾ ਗਿਆ। ਭਾਰਤ ਸਰਕਾਰ ਨੇ ਕਿਹਾ ਕਿ ਇਨ੍ਹਾਂ ਵਿੱਚੋਂ 10 ਭਾਰਤੀਆਂ ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ, ਜਦੋਂ ਕਿ ਇੱਕ ਅਜੇ ਵੀ ਲਾਪਤਾ ਹੈ। ਵਿਦੇਸ਼ ਮੰਤਰਾਲੇ ਨੇ ਇਸ ਘਟਨਾ ਦੀ ਨਿੰਦਾ ਕੀਤੀ ਅਤੇ ਕਿਹਾ ਕਿ ਓਮਾਨ ਵਿੱਚ ਭਾਰਤੀ ਦੂਤਾਵਾਸ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਸਥਾਨਕ ਪ੍ਰਸ਼ਾਸਨ ਨਾਲ ਰਾਹਤ ਅਤੇ ਬਚਾਅ ਕਾਰਜਾਂ ਦਾ ਤਾਲਮੇਲ ਕਰ ਰਿਹਾ ਹੈ। ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਭਾਰਤ ਓਮਾਨ ਦੇ ਤੱਟ 'ਤੇ ਵਪਾਰਕ ਜਹਾਜ਼ GFS ਗਲੈਕਸੀ 'ਤੇ ਹੋਏ ਹਮਲੇ ਦੀ ਸਖ਼ਤ ਨਿੰਦਾ ਕਰਦਾ ਹੈ। ਮੰਤਰਾਲੇ ਦੇ ਅਨੁਸਾਰ, ਜਹਾਜ਼ 'ਤੇ ਸਵਾਰ 11 ਭਾਰਤੀਆਂ ਵਿੱਚੋਂ 10 ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ, ਜਦੋਂ ਕਿ ਇੱਕ ਭਾਰਤੀ ਨਾਗਰਿਕ ਦੇ ਲਾਪਤਾ ਹੋਣ ਦੀ ਖ਼ਬਰ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਓਮਾਨ ਵਿੱਚ ਭਾਰਤੀ ਦੂਤਾਵਾਸ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਖੋਜ ਅਤੇ ਬਚਾਅ ਕਾਰਜ ਵਿੱਚ ਓਮਾਨੀ ਅਧਿਕਾਰੀਆਂ ਨਾਲ ਸਰਗਰਮੀ ਨਾਲ ਸਹਿਯੋਗ ਕਰ ਰਿਹਾ ਹੈ। ਭਾਰਤ ਨੇ ਇਸ ਸਹਾਇਤਾ ਲਈ ਓਮਾਨ ਸਰਕਾਰ ਦਾ ਵੀ ਧੰਨਵਾਦ ਕੀਤਾ। ਭਾਰਤ ਨੇ ਖੇਤਰ ਵਿੱਚ ਵਪਾਰਕ ਜਹਾਜ਼ਾਂ 'ਤੇ ਲਗਾਤਾਰ ਹਮਲਿਆਂ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ। ਵਿਦੇਸ਼ ਮੰਤਰਾਲੇ ਨੇ ਸਾਰੀਆਂ ਧਿਰਾਂ ਨੂੰ ਤਣਾਅ ਨੂੰ ਤੁਰੰਤ ਘਟਾਉਣ ਅਤੇ ਗੱਲਬਾਤ ਰਾਹੀਂ ਹੱਲ ਲੱਭਣ ਦੀ ਅਪੀਲ ਕੀਤੀ। ਬਿਆਨ ਵਿੱਚ ਕਿਹਾ ਗਿਆ ਹੈ ਕਿ ਅੰਤਰਰਾਸ਼ਟਰੀ ਸਮੁੰਦਰੀ ਲੇਨਾਂ 'ਤੇ ਵਪਾਰਕ ਜਹਾਜ਼ਾਂ ਅਤੇ ਨਾਗਰਿਕ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣਾ ਬੰਦ ਹੋਣਾ ਚਾਹੀਦਾ ਹੈ। ਅੰਤਰਰਾਸ਼ਟਰੀ ਕਾਨੂੰਨ ਦੇ ਅਨੁਸਾਰ ਸਮੁੰਦਰੀ ਵਪਾਰ ਅਤੇ ਨੇਵੀਗੇਸ਼ਨ ਨੂੰ ਜਿੰਨੀ ਜਲਦੀ ਹੋ ਸਕੇ ਬਿਨਾਂ ਕਿਸੇ ਰੁਕਾਵਟ ਦੇ ਬਹਾਲ ਕੀਤਾ ਜਾਣਾ ਚਾਹੀਦਾ ਹੈ। ਇਹ ਘਟਨਾ ਈਰਾਨ ਅਤੇ ਸੰਯੁਕਤ ਰਾਜ ਅਮਰੀਕਾ ਵਿਚਕਾਰ ਵਧਦੇ ਤਣਾਅ ਦੇ ਸਮੇਂ ਆਈ ਹੈ।



## ਮੁੜ ਆ ਗਿਆ ਕਰੋਨਾ ! ਆਂਧਰਾ ਪ੍ਰਦੇਸ਼ 'ਚ 2 ਲੋਕਾਂ ਦੀ ਮੌਤ, ਅਲਰਟ 'ਤੇ ਪ੍ਰਸ਼ਾਸਨ

**ਨਵੀਂ ਦਿੱਲੀ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੂਰੀ ਦੁਨੀਆ 'ਚ ਸਾਲ 2019 ਦੌਰਾਨ ਤਬਾਹੀ ਮਚਾਉਣ ਵਾਲਾ ਕੋਰੋਨਾ ਵਾਇਰਸ ਇਕ ਵਾਰ ਫ਼ਿਰ ਤੋਂ ਕਹਿਰ ਮਚਾਉਣ ਲੱਗਾ ਹੈ। ਆਂਧਰਾ ਪ੍ਰਦੇਸ਼ ਦੇ ਵਾਈ.ਐੱਸ.ਆਰ. ਕਡਪਾ ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਦੇ ਦੁਬਾਰਾ ਸਾਹਮਣੇ ਆਉਣ ਅਤੇ 2 ਇਨਫੈਕਟਿਡ ਮਰੀਜ਼ਾਂ ਦੀ ਮੌਤ ਹੋਣ ਤੋਂ ਬਾਅਦ ਸੂਬਾ ਸਰਕਾਰ ਅਤੇ ਸਿਹਤ ਵਿਭਾਗ ਪੂਰੀ ਤਰ੍ਹਾਂ ਹਰਕਤ ਵਿੱਚ ਆ ਗਿਆ ਹੈ। ਜ਼ਿਲ੍ਹੇ 'ਚ ਇਸ ਵੇਲੇ ਕੋਵਿਡ ਦੇ 8 ਐਕਟਿਵ ਕੇਸ ਹਨ, ਜਿਸ ਕਾਰਨ ਪੂਰੇ ਸੂਬੇ ਵਿੱਚ ਚੌਕਸੀ ਵਧਾ ਦਿੱਤੀ ਗਈ ਹੈ। ਸਿਹਤ ਅਧਿਕਾਰੀਆਂ ਤੋਂ ਮਿਲੀ ਜਾਣਕਾਰੀ ਮੁਤਾਬਕ, ਕਡਪਾ ਦੇ ਰਾਜਮਪੇਟ ਦੇ ਰਹਿਣ ਵਾਲੇ ਇੱਕ 52 ਸਾਲਾ ਵਿਅਕਤੀ, ਜਿਸ ਨੂੰ ਬੁਖਾਰ ਅਤੇ ਖੰਘ ਸੀ, ਦੀ ਵੇਲੌਰ ਦੇ ਸੀ.ਐੱਮ.ਸੀ. ਵਿਖੇ ਇਲਾਜ ਦੌਰਾਨ ਮੌਤ ਹੋ ਗਈ, ਜਦਕਿ ਇੱਕ 43 ਸਾਲਾ ਵਿਅਕਤੀ ਜੋ ਹੋਰ ਬੀਮਾਰੀਆਂ ਕਾਰਨ ਸਰਕਾਰੀ ਹਸਪਤਾਲ 'ਚ ਦਾਖਲ ਸੀ, ਕੋਵਿਡ ਪਾਜ਼ੇਟਿਵ ਪਾਇਆ ਗਿਆ ਅਤੇ ਆਈ.ਸੀ.ਯੂ. ਵਿੱਚ ਉਸ ਦੀ ਮੌਤ ਹੋ ਗਈ। ਇਨ੍ਹਾਂ ਤੋਂ ਇਲਾਵਾ ਕਡਪਾ ਮੈਡੀਕਲ ਕਾਲਜ ਦਾ ਇੱਕ 25 ਸਾਲਾ ਵਿਦਿਆਰਥੀ ਵੀ ਕੋਰੋਨਾ ਪਾਜ਼ੇਟਿਵ ਪਾਇਆ ਗਿਆ ਹੈ, ਜਿਸ ਨੂੰ ਫਿਲਹਾਲ ਹੋਮ ਆਈਸੋਲੇਸ਼ਨ 'ਚ ਰੱਖਿਆ ਗਿਆ ਹੈ। ਵਾਇਰਸ ਦੇ ਨਵੇਂ ਵੇਰੀਐਂਟ ਦਾ ਪਤਾ ਲਗਾਉਣ ਅਤੇ ਇਸ ਦੇ ਫੈਲਣ ਦੇ ਤਰੀਕੇ ਨੂੰ ਸਮਝਣ ਲਈ ਮਰੀਜ਼ਾਂ ਦੇ ਸੈਂਪਲ ਪੁਣੇ ਦੀ ਲੈਬ 'ਚ ਭੇਜੇ ਗਏ ਹਨ। ਆਂਧਰਾ ਪ੍ਰਦੇਸ਼ ਦੀ ਇੰਚਾਰਜ ਮੰਤਰੀ ਸਵਿਤਾ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਅਧਿਕਾਰੀਆਂ ਨੂੰ ਪ੍ਰਭਾਵਿਤ ਇਲਾਕਿਆਂ ਵਿੱਚ ਕੋਵਿਡ ਗਾਈਡਲਾਈਨਜ਼ ਸਖ਼ਤੀ ਨਾਲ ਲਾਗੂ ਕਰਨ ਦੇ ਹੁਕਮ ਦਿੱਤੇ ਹਨ। ਹਸਪਤਾਲਾਂ ਅਤੇ ਭੀੜ-ਭੜੱਕੇ ਵਾਲੀਆਂ ਜਨਤਕ ਥਾਵਾਂ 'ਤੇ ਮਾਸਕ ਪਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ।



## ਨੇਪਾਲ 'ਚ ਮੁੜ ਛਿੜੇ Gen-Z ਪ੍ਰਦਰਸ਼ਨ ! 3 ਨੌਜਵਾਨਾਂ ਨੇ ਕੀਤਾ ਆਤਮ-ਦਾਹ, ਪ੍ਰਧਾਨ ਮੰਤਰੀ ਦੇ ਅਸਤੀਫ਼ੇ ਦੀ ਉੱਠੀ ਮੰਗ

**ਕਾਠਮੰਡੂ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਨੇਪਾਲ 'ਚ ਬੇਰੁਜ਼ਗਾਰੀ ਅਤੇ ਪੁਲਸ ਦੀ ਕਾਰਵਾਈ ਤੋਂ ਨਾਰਾਜ਼ ਨੌਜਵਾਨਾਂ 'ਚ ਇਕ ਵਾਰ ਫ਼ਿਰ ਤੋਂ ਗੁੱਸਾ ਭਰ ਆਇਆ ਹੈ ਤੇ ਗੁੱਸੇ 'ਚ ਨੌਜਵਾਨਾਂ ਨੇ ਇਕ ਵਾਰ ਫ਼ਿਰ ਤੋਂ ਸੜਕਾਂ 'ਤੇ ਉਤਰ ਕੇ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ ਹਨ। ਇੱਕ 25 ਸਾਲਾ ਨੌਜਵਾਨ ਗਣੇਸ਼ ਨੇਪਾਲੀ ਵੱਲੋਂ ਪੁਲਸ ਨਾਲ ਹੋਈ ਬਹਿਸ ਤੋਂ ਬਾਅਦ ਕੀਤੇ ਗਏ ਆਤਮ-ਦਾਹ ਮਗਰੋਂ ਹਸਪਤਾਲ ਵਿੱਚ ਉਸ ਦੀ ਮੌਤ ਨੇ ਪੂਰੇ ਦੇਸ਼ 'ਚ ਇਨ੍ਹਾਂ ਪ੍ਰਦਰਸ਼ਨਾਂ ਨੂੰ ਹੋਰ ਹਵਾ ਦਿੱਤੀ ਹੈ। ਗਣੇਸ਼ ਤੋਂ ਇਲਾਵਾ 2 ਹੋਰ ਨੌਜਵਾਨਾਂ ਨੇ ਆਤਮ-ਦਾਹ ਕੀਤਾ ਹੈ, ਜਿਨ੍ਹਾਂ 'ਚੋਂ ਇਕ ਦੀ ਮੌਤ ਹੋ ਚੁੱਕੀ ਹੈ, ਜਦਕਿ 1 ਹਸਪਤਾਲ 'ਚ ਜ਼ਿੰਦਗੀ ਮੌਤ ਦੀ ਲੜਾਈ ਲੜ ਰਿਹਾ ਹੈ। ਇਸ ਘਟਨਾ ਤੋਂ ਬਾਅਦ ਨੇਪਾਲ ਦੀ Gen Z ਅਤੇ ਸਟੂਡੈਂਟ ਯੂਨੀਅਨਾਂ ਨੇ ਮੈਤੀਘਰ ਮੰਡਲਾ ਵਿਖੇ ਜ਼ੋਰਦਾਰ ਪ੍ਰਦਰਸ਼ਨ ਕਰਦਿਆਂ ਪ੍ਰਧਾਨ ਮੰਤਰੀ ਬਾਲੇਨ ਸ਼ਾਹ ਦੇ ਤੁਰੰਤ ਅਸਤੀਫ਼ੇ ਦੀ ਮੰਗ ਕੀਤੀ ਹੈ। ਰਿਪੋਰਟਾਂ ਮੁਤਾਬਕ, ਮੁਗੂ ਦੇ ਰਹਿਣ ਵਾਲੇ 25 ਸਾਲਾ ਗਣੇਸ਼ ਨੇਪਾਲੀ ਸੜਕ ਕਿਨਾਰੇ ਇਕ ਛੋਟੀ ਦੁਕਾਨ ਚਲਾਉਂਦਾ ਸੀ। ਪਰ ਮਿਊਂਸਪਲ ਪੁਲਸ ਵੱਲੋਂ ਸੜਕ ਕਿਨਾਰੇ ਚੱਲਣ ਵਾਲੇ ਕੰਮ-ਕਾਰ ਬੰਦ ਕਰ ਦਿੱਤੇ ਜਾਣ ਮਗਰੋਂ ਪੁਲਸ ਦੇ ਵਤੀਰੇ ਅਤੇ ਬੇਰੁਜ਼ਗਾਰੀ ਦੇ ਤਣਾਅ ਕਾਰਨ ਗਣੇਸ਼ ਨੇ ਖੁਦ ਨੂੰ ਅੱਗ ਲਗਾ ਲਈ ਸੀ। ਉਸ ਨੂੰ ਬੁਰੀ ਤਰ੍ਹਾਂ ਝੁਲਸ ਜਾਣ ਮਗਰੋਂ ਗੰਭੀਰ ਹਾਲਾਤ 'ਚ ਬੀਰ ਹਸਪਤਾਲ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਨੇ ਦਮ ਤੋੜ ਦਿੱਤਾ, ਜਿਸ ਤੋਂ ਬਾਅਦ ਹਸਪਤਾਲ ਦੇ ਬਾਹਰ ਹੀ ਭਾਰੀ ਹੰਗਾਮਾ ਸ਼ੁਰੂ ਹੋ ਗਿਆ। ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਇਸ ਮੁੱਦੇ 'ਤੇ ਪ੍ਰਧਾਨ ਮੰਤਰੀ ਬਾਲੇਨ ਸ਼ਾਹ ਦੀ ਸਰਕਾਰ ਨੂੰ ਬੁਰੀ ਤਰ੍ਹਾਂ ਘੇਰਿਆ ਹੈ। ਵਿਰੋਧੀ ਧਿਰ ਨੇ ਦੋਸ਼ ਲਗਾਇਆ ਕਿ ਪੁਲਸ ਅਧਿਕਾਰੀ ਨੌਜਵਾਨ ਨੂੰ ਬਚਾਉਣ ਦੀ ਬਜਾਏ ਮੌਕੇ ਤੋਂ ਭੱਜ ਗਏ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਵਿੱਚ ਥੋੜ੍ਹੀ ਵੀ ਨੈਤਿਕਤਾ ਬਾਕੀ ਹੈ, ਤਾਂ ਪ੍ਰਧਾਨ ਮੰਤਰੀ ਨੂੰ ਤੁਰੰਤ ਅਹੁਦਾ ਛੱਡ ਦੇਣਾ ਚਾਹੀਦਾ ਹੈ। ਇਨ੍ਹਾਂ ਪ੍ਰਦਰਸ਼ਨਾਂ ਦੌਰਾਨ ਨੌਜਵਾਨਾਂ ਨੇ ਹੱਥਾਂ 'ਚ ਤਖ਼ਤੀਆਂ ਫੜੀਆਂ ਹੋਈਆਂ ਹਨ, ਜਿਨ੍ਹਾਂ 'ਤੇ ਸਰਕਾਰ ਵਿਰੋਧੀ ਨਾਅਰੇ ਲਿਖੇ ਹੋਏ ਹਨ। ਜ਼ਿਕਰਯੋਗ ਹੈ ਕਿ ਨੇਪਾਲ 'ਚ ਨੌਜਵਾਨਾਂ ਦਾ ਇਹ ਗੁੱਸਾ ਸਿਰਫ਼ ਇਸ ਇੱਕ ਘਟਨਾ ਕਰ ਕੇ ਨਹੀਂ ਹੈ। ਦੇਸ਼ ਵਿੱਚ ਨੌਜਵਾਨਾਂ 'ਚ ਬੇਰੁਜ਼ਗਾਰੀ ਦਰ (ਕਰੀਬ 21 ਫ਼ੀਸਦੀ) ਬਹੁਤ ਜ਼ਿਆਦਾ ਹੈ। ਇਸ ਤੋਂ ਪਹਿਲਾਂ ਵੀ ਨੇਪਾਲ 'ਚ ਭ੍ਰਿਸ਼ਟਾਚਾਰ ਅਤੇ ਸੋਸ਼ਲ ਮੀਡੀਆ 'ਤੇ ਪਾਬੰਦੀਆਂ ਦੇ ਖ਼ਿਲਾਫ਼ ਨੌਜਵਾਨਾਂ ਨੇ ਵੱਡਾ ਅੰਦੋਲਨ ਛੇੜਿਆ ਸੀ, ਜਿਸ ਕਾਰਨ ਤਤਕਾਲੀਨ ਪ੍ਰਧਾਨ ਮੰਤਰੀ ਕੇ.ਪੀ. ਸ਼ਰਮਾ ਓਲੀ ਨੂੰ ਅਸਤੀਫ਼ਾ ਦੇਣਾ ਪਿਆ ਸੀ। ਹੁਣ, ਨੌਜਵਾਨਾਂ ਨੂੰ ਲੱਗ ਰਿਹਾ ਹੈ ਕਿ ਬਾਲੇਨ ਸ਼ਾਹ ਦੀ ਸਰਕਾਰ ਵੀ ਉਨ੍ਹਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉੱਤਰ ਰਹੀ, ਜਿਸ ਕਾਰਨ ਦੇਸ਼ ਵਿੱਚ ਇੱਕ ਵਾਰ ਫਿਰ ਸਿਆਸੀ ਅਸਥਿਰਤਾ ਦਾ ਮਾਹੌਲ ਬਣ ਗਿਆ ਹੈ ਤੇ ਜੇ ਸਰਕਾਰ ਨੇ ਨੌਜਵਾਨਾਂ ਦੀ ਗੱਲ ਨਾ ਮੰਨੀ ਤਾਂ ਇਹ ਪ੍ਰਦਰਸ਼ਨ ਵੀ ਪਿਛਲੇ ਪ੍ਰਦਰਸ਼ਨ ਵਾਂਗ ਹਿੰਸਕ ਰੂਪ ਧਾਰਨ ਕਰ ਸਕਦੇ ਹਨ।




## ਹਿਮਾਚਲ ਪ੍ਰਦੇਸ਼ 'ਚ ਅੱਜ ਤੋਂ ਤਿੰਨ ਦਿਨਾਂ ਲਈ ਭਾਰੀ ਮੀਂਹ ਦੀ ਚਿਤਾਵਨੀ; ਕਰੋੜਾਂ ਦੀ ਜਾਇਦਾਦ ਨੂੰ ਨੁਕਸਾਨ; ਲੋਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ



**ਸ਼ਿਮਲਾ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਮੌਸਮ ਵਿਭਾਗ, ਸ਼ਿਮਲਾ ਨੇ 12 ਜੁਲਾਈ ਤੋਂ ਅਗਲੇ ਤਿੰਨ ਦਿਨਾਂ ਲਈ ਹਿਮਾਚਲ ਪ੍ਰਦੇਸ਼ ਲਈ ਭਾਰੀ ਮੀਂਹ ਦੀ ਚੇਤਾਵਨੀ ਜਾਰੀ ਕੀਤੀ ਹੈ। ਵਿਭਾਗ ਦੇ ਅਨੁਸਾਰ, 12 ਤੋਂ 14 ਜੁਲਾਈ ਦੇ ਵਿਚਕਾਰ ਰਾਜ ਦੇ ਕਈ ਜ਼ਿਲ੍ਹਿਆਂ ਵਿੱਚ ਦਰਮਿਆਨੀ ਤੋਂ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ। ਚੱਲ ਰਹੀ ਬਾਰਿਸ਼ ਦੇ ਕਾਰਨ, ਲੋਕਾਂ ਨੂੰ ਬੇਲੋੜੀ ਯਾਤਰਾ ਤੋਂ ਬਚਣ ਅਤੇ ਪ੍ਰਸ਼ਾਸਨ ਦੁਆਰਾ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਹੈ।

ਮੌਸਮ ਵਿਭਾਗ ਦੇ ਅਨੁਸਾਰ, 12 ਜੁਲਾਈ ਨੂੰ ਕਾਂਗੜਾ ਅਤੇ ਸਿਰਮੌਰ ਜ਼ਿਲ੍ਹਿਆਂ ਵਿੱਚ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ, ਜਦੋਂ ਕਿ ਊਨਾ, ਬਿਲਾਸਪੁਰ, ਹਮੀਰਪੁਰ ਅਤੇ ਮੰਡੀ ਵਿੱਚ ਦਰਮਿਆਨੀ ਤੋਂ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ। 13 ਜੁਲਾਈ ਨੂੰ ਮੰਡੀ, ਕਾਂਗੜਾ ਅਤੇ ਕੁੱਲੂ ਜ਼ਿਲ੍ਹਿਆਂ ਵਿੱਚ ਅਤੇ 14 ਜੁਲਾਈ ਨੂੰ ਮੰਡੀ, ਕਾਂਗੜਾ ਅਤੇ ਚੰਬਾ ਜ਼ਿਲ੍ਹਿਆਂ ਵਿੱਚ ਵੀ ਦਰਮਿਆਨੀ ਤੋਂ ਭਾਰੀ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਗਈ ਹੈ। 15 ਜੁਲਾਈ ਲਈ ਕੋਈ ਖਾਸ ਚੇਤਾਵਨੀ ਜਾਰੀ ਨਹੀਂ ਕੀਤੀ ਗਈ ਹੈ।

ਇਸ ਮਾਨਸੂਨ ਦੇ ਮੌਸਮ ਵਿੱਚ, ਬੱਦਲ ਫਟਣ, ਜ਼ਮੀਨ ਖਿਸਕਣ, ਅਚਾਨਕ ਹੜ੍ਹ ਅਤੇ ਸੜਕਾਂ ਦੇ ਢਹਿਣ ਕਾਰਨ ਰਾਜ ਦੇ ਕਈ ਹਿੱਸਿਆਂ ਵਿੱਚ ਵਿਆਪਕ ਨੁਕਸਾਨ ਹੋਇਆ ਹੈ। ਸੈਂਕੜੇ ਸੜਕਾਂ, ਪੁਲ, ਪੀਣ ਵਾਲੇ ਪਾਣੀ ਅਤੇ ਬਿਜਲੀ ਪ੍ਰੋਜੈਕਟ, ਘਰ ਅਤੇ ਖੇਤੀਬਾੜੀ ਜ਼ਮੀਨ ਪ੍ਰਭਾਵਿਤ ਹੋਈ ਹੈ। ਰਾਜ ਸਰਕਾਰ ਦੇ ਮੁੱਢਲੇ ਮੁਲਾਂਕਣ ਅਨੁਸਾਰ, ਜਨਤਕ ਅਤੇ ਨਿੱਜੀ ਜਾਇਦਾਦ ਨੂੰ ਸੈਂਕੜੇ ਕਰੋੜ ਰੁਪਏ ਦੇ ਨੁਕਸਾਨ ਦਾ ਅਨੁਮਾਨ ਲਗਾਇਆ ਗਿਆ ਹੈ।

ਮੌਸਮ ਵਿਭਾਗ ਨੇ ਚੇਤਾਵਨੀ ਦਿੱਤੀ ਹੈ ਕਿ ਸੰਵੇਦਨਸ਼ੀਲ ਖੇਤਰਾਂ ਵਿੱਚ ਜ਼ਮੀਨ ਖਿਸਕਣ, ਮਲਬਾ ਵਹਿਣ, ਨੀਵੇਂ ਇਲਾਕਿਆਂ ਵਿੱਚ ਹੜ੍ਹ ਆਉਣ ਅਤੇ ਆਵਾਜਾਈ ਵਿੱਚ ਵਿਘਨ ਪੈਣ ਦੀ ਸੰਭਾਵਨਾ ਹੈ। ਲੋਕਾਂ ਨੂੰ ਨਦੀਆਂ ਅਤੇ ਨਾਲਿਆਂ ਤੋਂ ਦੂਰ ਰਹਿਣ, ਖਰਾਬ ਮੌਸਮ ਦੌਰਾਨ ਬੇਲੋੜੀ ਯਾਤਰਾ ਤੋਂ ਬਚਣ ਅਤੇ ਸਥਾਨਕ ਅਧਿਕਾਰੀਆਂ ਦੀ ਸਲਾਹ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਹੈ।

## '25000 ਲਾਪਤਾ ਲਾਸ਼ਾਂ ਦੇ ਦਸਤਾਵੇਜ਼ ਪੇਸ਼ ਕਰੋ', ਰਵਨੀਤ ਬਿੱਟੂ ਦੀ 'ਸਤਲੁਜ' ਦੇ ਨਿਰਮਾਤਾਵਾਂ ਨੂੰ ਕਾਨੂੰਨੀ ਕਾਰਵਾਈ ਦੀ ਦਿੱਤੀ ਚੇਤਾਵਨੀ

**ਚੰਡੀਗੜ੍ਹ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਤੇ ਅਦਾਕਾਰ ਦਿਲਜੀਤ ਦੋਸਾਂਝ ਦੀ ਫਿਲਮ 'ਸਤਲੁਜ' ਦਾ ਮਾਮਲਾ ਭਖਦਾ ਜਾ ਰਿਹਾ ਹੈ ਅਤੇ ਇਹ ਪੰਜਾਬ ਦੀ ਸਿਆਸਤ 'ਚ ਇੱਕ ਸਰਗਰਮ ਮੁੱਦਾ ਖੜਾ ਕੀਤਾ ਜਾਪਦਾ ਹੈ। ਫਿਲਮ 'ਤੇ ਪਹਿਲਾਂ ਜਿਥੇ ਭਾਰਤ 'ਚ ਪਾਬੰਦੀ ਲਗਾਈ ਗਈ ਸੀ ਅਤੇ ਇਸ ਨੂੰ ਇਸ ਦੇ ਅਧਿਕਾਰਤ ਪਲੇਟਫਾਰਮ ਜੀ-5 ਤੋਂ ਅੰਤਰਰਾਸ਼ਟਰੀ ਪੱਧਰ ਤੋਂ ਵੀ ਹਟਾ ਦਿੱਤਾ ਗਿਆ ਹੈ। ਪਰ ਇਸ 'ਤੇ ਰਾਜਨੀਤੀ ਖਤਮ ਨਹੀਂ ਹੋ ਰਹੀ ਹੈ, ਹੁਣ ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਨੇ ਫਿਲਮ ਦੇ ਨਿਰਮਾਤਾਵਾਂ ਨੂੰ ਫਿਲਮ ਦੇ 25000 ਲਾਪਤਾ ਲਾਸ਼ਾਂ ਦੇ ਅੰਕੜਿਆਂ 'ਤੇ ਚੁਣੌਤੀ ਦਿੱਤੀ ਹੈ, ਕਿ ਉਹ ਲਾਸ਼ਾਂ ਸਬੰਧੀ ਦਸਤਾਵੇਜ਼ ਪੇਸ਼ ਕਰਨ। ਉਨ੍ਹਾਂ ਇਸ ਦੇ ਨਾਲ ਹੀ ਦਸਤਾਵੇਜ਼ ਪੇਸ਼ ਨਾ ਕਰ ਸਕਣ 'ਤੇ ਨਤੀਜੇ ਭੁਗਤਣ ਦੀ ਚੇਤਾਵਨੀ ਦਿੱਤੀ ਹੈ। ਬਿੱਟੂ ਨੇ ਫਿਰ ਫਿਲਮ ਦੇ ਨਿਰਮਾਤਾਵਾਂ 'ਤੇ ਪੰਜਾਬ ਦੇ ਇਤਿਹਾਸ ਨੂੰ ਇੱਕਪਾਸੜ ਪੇਸ਼ ਕਰਨ ਦਾ ਇਲਜ਼ਾਮ ਲਾਇਆ। ਉਨ੍ਹਾਂ ਕਿਹਾ ਕਿ ਵਿਵਾਦਤ ਅੰਕੜਿਆਂ ਨੂੰ ਇਤਿਹਾਸ ਵੱਜੋਂ ਪੇਸ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਫਿਲਮ ਦੇ ਨਿਰਮਾਤਾ ਅਤੇ ਨਿਰਦੇਸ਼ਕ ਨੂੰ ਚੁਣੌਤੀ ਦਿੱਤੀ ਕਿ ਉਹ ਪੰਜਾਬ ਦੇ ਲੋਕਾਂ ਨੂੰ ਸਾਰੇ ਦਸਤਾਵੇਜ਼ੀ ਸਬੂਤ, ਅਧਿਕਾਰਤ ਰਿਕਾਰਡ, ਨਿਆਂਇਕ ਖੋਜਾਂ ਅਤੇ ਪ੍ਰਮਾਣਿਤ ਡੇਟਾ ਪੇਸ਼ ਕਰਨ ਜੋ ਫਿਲਮ ਵਿੱਚ ਦਰਸਾਏ ਗਏ 25,000 ਲਾਪਤਾ ਜਾਂ ਗੈਰ-ਕਾਨੂੰਨੀ ਤੌਰ 'ਤੇ ਸਸਕਾਰ ਕੀਤੀਆਂ ਲਾਸ਼ਾਂ ਦੇ ਦਾਅਵੇ ਨੂੰ ਸਿੱਧੀ ਸਾਬਤ ਕਰਦੇ ਹਨ। ਬਿੱਟੂ ਨੇ ਸਵਾਲ ਕੀਤਾ ਕਿ ਜੇਕਰ ਇਹ ਗਿਣਤੀ ਸਿਰਫ਼ ਅਨੁਮਾਨ ਜਾਂ ਦੋਸ਼ 'ਤੇ ਅਧਾਰਤ ਸੀ ਤਾਂ ਇਸ ਨੂੰ ਸਥਾਪਿਤ ਇਤਿਹਾਸਕ ਤੱਥ ਵਜੋਂ ਕਿਉਂ ਪੇਸ਼ ਕੀਤਾ ਗਿਆ। ਉਨ੍ਹਾਂ ਇਹ ਵੀ ਪੁੱਛਿਆ ਕਿ ਦਰਸ਼ਕਾਂ ਨੂੰ ਇਹ ਕਿਉਂ ਨਹੀਂ ਦੱਸਿਆ ਗਿਆ ਕਿ ਇਹ ਅੰਕੜਾ ਕਿਸੇ ਵੀ ਅੰਤਿਮ ਨਿਆਂਇਕ ਫੈਸਲੇ ਰਾਹੀਂ ਸਿੱਟੇ ਵਜੋਂ ਸਾਬਤ ਨਹੀਂ ਹੋਇਆ ਹੈ। ਜੇਕਰ ਇਹ ਅੰਕੜਾ ਸਿਰਫ਼ ਇੱਕ ਅੰਦਾਜ਼ੇ ਜਾਂ ਦੋਸ਼ 'ਤੇ ਆਧਾਰਿਤ ਹੈ, ਤਾਂ ਇਸਨੂੰ ਇੱਕ ਸਥਾਪਿਤ ਇਤਿਹਾਸਕ ਤੱਥ ਵਜੋਂ ਕਿਉਂ ਪੇਸ਼ ਕੀਤਾ ਗਿਆ ਹੈ? ਦਰਸ਼ਕਾਂ ਨੂੰ ਇਹ ਕਿਉਂ ਨਹੀਂ ਦੱਸਿਆ ਗਿਆ ਕਿ ਇਹ ਗਿਣਤੀ ਕਿਸੇ ਵੀ ਅੰਤਿਮ ਨਿਆਂਇਕ ਨਿਰਣੇ ਰਾਹੀਂ ਨਿਰਣਾਇਕ ਤੌਰ 'ਤੇ ਸਥਾਪਿਤ ਨਹੀਂ ਕੀਤੀ ਗਈ ਹੈ? ਬਿੱਟੂ ਨੇ ਅੱਗੇ ਕਿਹਾ ਕਿ ਪੰਜਾਬ ਦੇ ਲੋਕ ਪੰਜਾਬ ਦੇ ਸਭ ਤੋਂ ਕਾਲੇ ਅਧਿਆਇ ਦੇ ਬਰਾਬਰ ਪਰੇਸ਼ਾਨ ਕਰਨ ਵਾਲੀਆਂ ਭੁੱਲਾਂ ਅਤੇ ਚੋਣਵੇਂ ਚਿੱਤਰਣ ਲਈ ਜਵਾਬ ਦੇ ਹੱਕਦਾਰ ਹਨ।




ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ. ਕੇ.
ਪਰਮਿੰਦਰ ਸਿੰਘ ਬੱਲ
ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ
ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ
ਆਰਗੇਨਾਈਜ਼ਰ
ਟੈਲੀਫ਼ੋਨ: 07771608 363
ਈ-ਮੇਲ: PSBAL46@gmail.com

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ  Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**


E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ





# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਚੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਚੋਂ, ਜ: ਮਹਿਤਾਬ ਸਿੰਘ ਵਿਚੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

### ਸੰਯੁਕਤ ਦਿਵਿਆਗ ਮੋਰਚਾ ਪੰਜਾਬ ਵੱਲੋਂ

# ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਦਿੱਤਾ ਧਰਨਾ, ਬਠਿੰਡਾ ਹਾਈਵੇ ਰੋਡ ਜਾਮ






**ਬਠਿੰਡਾ, 11 ਜੁਲਾਈ (ਗੁਰਜੰਟ ਸਿੰਘ ਨਥੇਹਾ)-** ਦਿਵਿਆਗ ਵਰਗ ਦੀਆਂ ਕਾਫੀ ਲੰਮੇ ਸਮੇਂ ਤੋਂ ਲਟਕੀਆਂ ਆ ਰਹੀਆ ਹੱਕੀ ਲੋੜਾਂ ਪੂਰੀਆਂ ਨਾ ਹੋਣ ਕਰਕੇ ਅੱਜ ਸੰਯੁਕਤ ਦਿਵਿਆਗ ਮੋਰਚਾ ਪੰਜਾਬ ਵੱਲੋਂ ਆਪਣੀਆਂ ਭਰਾਤਰੀ ਜਥੇਬੰਦੀਆਂ ਨਾਲ ਮਿਲਕੇ ਪੰਜਾਬ ਸਰਕਾਰ ਖ਼ਿਲਾਫ਼ ਇੱਕ ਵਿਸ਼ਾਲ ਰੋਸ ਧਰਨਾ ਡਿਪਟੀ ਕਮਿਸ਼ਨਰ ਬਠਿੰਡਾ ਦੇ ਦਫ਼ਤਰ ਸਾਹਮਣੇ ਦਿੱਤਾ ਗਿਆ ਜਿਸ ਵਿਚ ਸੈਂਕੜੇ ਦਿਵਿਆਗ ਵਰਗ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕੀਤਾ। ਪੈ ਰਹੀ ਅੰਤਾਂ ਦੀ ਗਰਮੀ ਅਤੇ ਅੱਗ ਵਾਂਗ ਤਪ ਰਹੀ ਸੜਕ ਤੇ ਧੁੱਪ ਵਿਚ ਬੈਠੇ ਇਹ ਦਿਵਿਆਗ ਵਰਗ ਤੇ ਜ਼ਿਲ੍ਹਾ ਬਠਿੰਡਾ ਦੇ ਡਿਪਟੀ ਕਮਿਸ਼ਨਰ ਨੂੰ ਵੀ ਕੋਈ ਤਰਸ ਨਹੀਂ ਆਇਆ ਇਥੋਂ ਤੱਕ ਕਿ ਡੀ ਸੀ ਬਠਿੰਡਾ ਵੱਲੋਂ ਇਹਨਾਂ ਦਾ ਮੰਗ ਪੱਤਰ ਵੀ ਨਹੀਂ ਲਿਆ ਗਿਆ ਤਾਂ ਭੜਕੇ ਦਿਵਿਆਗ ਲੋਕਾਂ ਵੱਲੋਂ ਬਠਿੰਡਾ ਹਾਈਵੇ ਰੋਡ ਜਾਮ ਕਰ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਸੰਯੁਕਤ ਦਿਵਿਆਗ ਮੋਰਚਾ ਪੰਜਾਬ ਦੇ ਪ੍ਰਧਾਨ ਬਾਬਾ ਹਜੂਰ ਦਾਸ, ਸੂਬਾ ਸਕੱਤਰ ਰਣਧੀਰ ਸਿੰਘ ਜਗਾ ਅਤੇ ਲੀਗਲ ਅਡਵਾਈਜ਼ਰ ਹਰਜਿੰਦਰ ਸਿੰਘ ਭੰਮਾ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੱਤਾ ਵਿਚ ਆਉਣ ਤੋਂ ਪਹਿਲਾਂ ਦਿਵਿਆਗ ਵਰਗ ਨਾਲ ਕੁਝ ਵਾਅਦੇ ਕੀਤੇ ਸੀ ਕਿ ਮੈਨੂੰ ਮੁੱਖ ਮੰਤਰੀ ਬਣ ਜਾਣਦੇ ਤੇ ਪਹਿਲ ਦੇ ਆਧਾਰ 'ਤੇ ਮੈਂ ਦਿਵਿਅਗ ਵਰਗ ਨੂੰ ਉਹਨਾਂ ਦੀਆਂ ਬਣਾਈਆਂ ਸਹੂਲਤਾਂ ਪਹਿਲ ਦੇ ਆਧਾਰ ਤੇ ਪੂਰੀਆਂ ਕਰਾਗਾ ਪਰ ਸਾਢੇ ਚਾਰ ਸਾਲ ਬੀਤ ਜਾਣ ਤੇ ਮੁੱਖ ਮੰਤਰੀ ਨੇ ਦਿਵਿਅਗ ਵਰਗ ਨੂੰ ਯਾਦ ਤੱਕ ਨਹੀਂ ਕੀਤਾ ਗਿਆ ਅਤੇ ਦਿਵਿਅਗ ਵਰਗ ਦੀਆਂ ਲੋੜਾਂ ਪੂਰੀਆਂ ਨਹੀਂ ਕੀਤੀਆਂ ਗਈਆਂ। ਉਹਨਾਂ ਨੇ ਪੰਜਾਬ ਸਰਕਾਰ ਤੋਂ ਦਿਵਿਆਗ ਵਰਗ ਦੀ 5000/-ਰੁਪੈ ਪੈਨਸ਼ਨ, ਅੰਗਹੀਣ ਵਰਗ ਦਾ ਖਾਲੀ ਪਿਆ ਬੈਕਲਾਗ ਪੂਰਾ ਕਰਦੇ ਹੋਏ ਯੋਗਤਾ ਅਨੁਸਾਰ ਨੌਕਰੀਆਂ ਅਤੇ ਉਮਰ ਸੀਮਾ ਪਾਰ ਕਰ ਚੁੱਕੇ ਲੋਕਾਂ ਨੂੰ ਰੁਜ਼ਗਾਰ ਦੇਣ ਲਈ ਬਿਨਾਂ ਵਿਆਜ ਲੋਨ ਦੇਣ, ਸਿੱਖਿਆ ਅਤੇ ਸਿਹਤ ਸਹੂਲਤਾਂ ਫਰੀ ਕਰਨ ਆਦਿ ਪੂਰੀਆਂ ਕਰਨ ਲਈ ਕਿਹਾ ਇਹਨਾਂ ਆਗੂਆਂ ਵੱਲੋਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ 10 ਅਗਸਤ ਤੱਕ ਦਿਵਿਆਗ ਵਰਗ ਦੀਆਂ ਲੋੜਾਂ ਵੱਲ ਕੋਈ ਧਿਆਨ ਨਾ ਦਿੱਤਾ ਤਾਂ ਉਹਨਾਂ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਘਰ ਦਾ ਘਿਰਾਓ ਕੀਤਾ ਜਾਵੇਗਾ।

### ਸਰਕਾਰ ਦਾ ਉਦੇਸ਼ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਕਟਵਾਉਣ ਦੀ ਬਜਾਏ ਸਰਕਾਰ ਨੂੰ ਲੋਕਾਂ ਦੇ ਦਰ ਤੱਕ ਲੈ ਕੇ ਜਾਣਾ - ਹਰਭਜਨ ਸਿੰਘ ਈਟੀਓ

# ਪਿੰਡ ਨੰਗਲ ਦਿਆਲ ਸਿੰਘ ਅਤੇ ਬੰਮਾ ਵਿਖੇ ਲੋਕਾਂ ਨਾਲ ਕੀਤੀ ਸਿੱਧੀ ਗੱਲਬਾਤ, ਮੌਕੇ 'ਤੇ ਹੀ ਅਧਿਕਾਰੀਆਂ ਨੂੰ ਦਿੱਤੇ ਹੱਲ ਦੇ ਨਿਰਦੇਸ਼





**ਜੰਡਿਆਲਾ ਗੁਰੂ, 11 ਜੁਲਾਈ (ਕੁਲਵੰਤ ਸਿੰਘ ਵਿਰਦੀ)-** ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਨੰਗਲ ਦਿਆਲ ਸਿੰਘ ਅਤੇ ਪਿੰਡ ਬੰਮਾ ਵਿਖੇ ਆਯੋਜਿਤ ਲੋਕ ਮਿਲਣੀ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਦਿਆਂ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ।ਇਸ ਮੌਕੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨਾਲ ਜੋ ਵਾਅਦਾ ਕੀਤਾ ਸੀ ਕਿ ਸਰਕਾਰ ਪਿੰਡਾਂ ਦੀਆਂ ਸੱਥਾਂ ਵਿੱਚ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੇਗੀ ਅਤੇ ਉਨ੍ਹਾਂ ਦਾ ਹੱਲ ਕਰੇਗੀ, ਉਸ ਨੂੰ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੂਰੀ ਤਨਦੇਹੀ ਨਾਲ ਸਾਕਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਕਟਵਾਉਣ ਦੀ ਬਜਾਏ ਸਰਕਾਰ ਨੂੰ ਲੋਕਾਂ ਦੇ ਦਰ ਤੱਕ ਲੈ ਕੇ ਜਾਣਾ ਹੈ ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮਾਨ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਜਨ-ਪੱਖੀ ਸਹੂਲਤਾਂ ਅਤੇ ਵਿਕਾਸ ਕਾਰਜਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕ ਮੁੜ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿੱਤ ਦਿਵਾਉਣਗੇ ।ਸ੍ਰੀ ਈ.ਟੀ.ਓ. ਨੇ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਇਲਾਕੇ ਦੇ ਸਰਬਪੱਖੀ ਵਿਕਾਸ ਲਈ ਹੋਰ ਨਵੇਂ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸੜਕਾਂ, ਪੀਣ ਵਾਲੇ ਪਾਣੀ, ਸੀਵਰੇਜ, ਸਿੱਖਿਆ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਸਰਕਾਰ ਵਚਨਬੱਧ ਹੈ ਅਤੇ ਲੋਕਾਂ ਦੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪਾਰਟੀ ਦੇ ਆਗੂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# ਕਾਂਗਰਸ ਦੇ ਸੂਬਾ ਪ੍ਰਧਾਨ ਬਣਨ 'ਤੇ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਦਿੱਤੀ ਵਧਾਈ



**ਤਲਵੰਡੀ ਸਾਬੋ, 11 ਜੁਲਾਈ (ਗੁਰਜੰਟ ਸਿੰਘ ਨਥੇਹਾ)-** ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਵਜੋਂ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਮੁੜ ਨਿਯੁਕਤੀ ਹੋਣ 'ਤੇ ਤਲਵੰਡੀ ਸਾਬੋ ਹਲਕਾ ਕਾਂਗਰਸ ਦੇ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਚੰਡੀਗੜ੍ਹ ਵਿਖੇ ਪਹੁੰਚ ਕੇ ਉਨ੍ਹਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਰਾਜਾ ਵੜਿੰਗ ਨੂੰ ਗੁਲਦਸਤਾ ਭੇਂਟ ਕਰਕੇ ਨਵੀਂ ਜ਼ਿੰਮੇਵਾਰੀ ਲਈ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸਫਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ। ਮੁਲਾਕਾਤ ਦੌਰਾਨ ਦੋਵਾਂ ਆਗੂਆਂ ਵਿਚ ਤਲਵੰਡੀ ਸਾਬੋ ਹਲਕੇ ਦੇ ਮੌਜੂਦਾ ਰਾਜਨੀਤਿਕ ਹਾਲਾਤਾਂ, ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦੀ ਰਣਨੀਤੀ ਅਤੇ ਆਉਣ ਵਾਲੀਆਂ ਸਰਗਰਮੀਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਹੋਇਆ। ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਹਲਕਾ ਤਲਵੰਡੀ ਸਾਬੋ ਨਾਲ ਜੁੜੇ ਲੋਕਾਂ ਦੇ ਅਹਿਮ ਮੁੱਦਿਆਂ ਅਤੇ ਵਿਕਾਸ ਸਬੰਧੀ ਮੰਗਾਂ ਤੋਂ ਵੀ ਸੂਬਾ ਪ੍ਰਧਾਨ ਨੂੰ ਜਾਣੂ ਕਰਵਾਇਆ। ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਭਰੋਸਾ ਦਿਵਾਇਆ ਕਿ ਪਾਰਟੀ ਵਰਕਰਾਂ ਨੂੰ ਨਾਲ ਲੈ ਕੇ ਸੂਬੇ ਭਰ ਵਿੱਚ ਕਾਂਗਰਸ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਲੋਕਾਂ ਦੇ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇਗਾ। ਉਨ੍ਹਾਂ ਨੇ ਤਲਵੰਡੀ ਸਾਬੋ ਹਲਕੇ ਦੇ ਵਰਕਰਾਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਸੱਦਾ ਦਿੱਤਾ।

# ਮੇਰੀ ਰਸੋਈ' ਮੁਹਿੰਮ ਤਹਿਤ ਲੋੜਵੰਦ ਪਰਿਵਾਰਾਂ ਨੂੰ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਤਾਰਾਗੜ੍ਹ ਵਿਖੇ ਰਾਸ਼ਨ ਕਿੱਟਾਂ ਵੰਡੀਆਂ ਗਈਆਂ

## ਦਿਨ ਵੇਲੇ ਬੰਬੀਆਂ ਨੂੰ ਬਿਜਲੀ ਮਿਲਣ ਤੇ ਚੁਕ ਲਿਆਂਦੇ ਬੰਬੀਆਂ ਤੋਂ ਮੰਜੇ ਕਿਸਾਨ



**ਜੰਡਿਆਲਾ ਗੁਰੂ 10 ਜੁਲਾਈ ( ਕੁਲਵੰਤ ਸਿੰਘ ਵਿਰਦੀ )** ਮੇਰੀ ਰਸੋਈ' ਮੁਹਿੰਮ ਤਹਿਤ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਤਾਰਾਗੜ੍ਹ ਵਿਖੇ ਡੀਪੂ ਹੋਲਡਰ ਪ੍ਰਿਥੀਪਾਲ ਸਿੰਘ ਵੱਲੋਂ ਲਾਭਪਾਤਰੀ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਦੇਣ ਦੀ ਸੁਰੂਆਤ ਕੀਤੀ ਗਈ । ਇਸ ਮੌਕੇ ਡੀਪੂ ਹੋਲਡਰ ਪ੍ਰਿਥੀਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂਆਤ ਕੀਤੀ ਗਈ 'ਮੇਰੀ ਰਸੋਈ ਮੁਹਿੰਮ ਦਾ ਮੁੱਖ ਉਦੇਸ਼ ਲੋੜਵੰਦ ਪਰਿਵਾਰਾਂ ਤਕ ਖਾਣ-ਪੀਣ ਦੀਆਂ ਜ਼ਰੂਰੀ ਵਸਤੂਆਂ ਪਹੁੰਚਾਉਣਾ ਹੈ। ਅਤੇ ਇਸ ਮੁਹਿੰਮ ਵਿੱਚ ਸਾਡਾ ਅਹਿਮ ਯੋਗਦਾਨ ਪਾਇਆ ਗਿਆ ਹੈ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਦੇ ਦਿਸ਼ਾ ਨਿਰਦੇਸ਼ ਹੇਠ ਹਰ ਵਰਗ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ।ਇਸ ਮੌਕੇ ਸਹੂਲਤ ਲੈਣ ਪਹੁੰਚੇ ਲੋੜਵੰਦ ਪ੍ਰੀਵਾਰਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਨਾਂ ਕਿਹਾ ਕਿ ਸ੍ਰ ਹਰਭਜਨ ਸਿੰਘ ਈ.ਟੀ.ਓ ਕੈਬਨਿਟ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਗਰੀਬ ਵਰਗ ਨੂੰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ । ਉਨ੍ਹਾਂ ਕਿਹਾ ਕਿ ਅਜਿਹੀਆਂ ਮੁਹਿੰਮਾਂ ਨਾਲ ਲੋੜਵੰਦ ਪਰਿਵਾਰਾਂ ਨੂੰ ਵੱਡੀ ਰਾਹਤ ਮਿਲਦੀ ਹੈ ਅਤੇ ਸਮਾਜ ਵਿਚ ਆਪਸੀ ਭਾਈਚਾਰਾ ਵੀ ਮਜ਼ਬੂਤ ਹੁੰਦਾ ਹੈ। ਰਾਸ਼ਨ ਕਿੱਟਾਂ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੇ ਸ੍ਰ ਹਰਭਜਨ ਸਿੰਘ ਈ.ਟੀ.ਓ ਕੈਬਨਿਟ ਮੰਤਰੀ ਹਲਕਾ ਜੰਡਿਆਲਾ ਗੁਰੂ ਅਤੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆ ਕਿਹਾ ਕਿ ਇਹ ਸਹਾਇਤਾ ਉਨ੍ਹਾਂ ਲੋੜਵੰਦ ਪ੍ਰੀਵਾਰਾਂ ਲਈ ਲਾਭਦਾਇਕ ਸਾਬਿਤ ਹੋਵੇਗੀ। ਇਸ ਮੌਕੇ ਗੁਜਰ ਰਹੇ ਰਾਹਗੀਰ ਕਿਸਾਨਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਨਾਂ ਨੇ ਵੀ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਹੋਇਆ ਕਿਹਾ ਕਿ ਸਰਕਾਰ ਵਲੋਂ ਪਹਿਲ ਦੇ ਆਧਾਰ ਤੇ ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਦਿੱਤੀ ਜਾ ਰਹੀ ਹੈ ਜਿਸ ਨਾਲ ਰਾਤ ਵੇਲੇ ਕਿਸਾਨਾਂ ਦਾ ਖੇਤਾਂ ਵਿਚ ਜਾਣਾ ਵੀ ਖਤਮ ਹੋਇਆ ਹੈ ਅਸੀਂ ਤਾਂ ਬੰਬੀਆਂ ਤੇ ਖੜ੍ਹੇ ਮੰਜੇ ਵੀ ਘਰਾਂ ਨੂੰ ਚੁਕ ਲਿਆਂਦੇ ਅਤੇ ਇਸ ਨਾਲ ਕਿਸਾਨਾਂ ਦੀ ਵੀ ਪ੍ਰੇਸ਼ਾਨੀ ਖਤਮ ਹੋਈ ਹੈ ਅਸੀਂ ਵੀ ਸ੍ਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹਾਂ ! ਇਸ ਮੌਕੇ ਹਾਜਰ ਲੋਕਾਂ ਨੇ ਵੀ ਸਰਕਾਰ ਦੀ ਇਸ ਲੋਕ ਭਲਾਈ ਯੋਜਨਾ ਦੀ ਸ਼ਲਾਘਾ ਕੀਤੀ।

ਧਰਮ ਪ੍ਰਚਾਰ ਲਹਿਰ ਨੂੰ ਹੋਰ ਮਜ਼ਬੂਤ ਕਰਨ ਲਈ ਐਡਵੋਕੇਟ ਧਾਮੀ ਦੀ ਅਗਵਾਈ 'ਚ ਹੋਈ ਪ੍ਰਚਾਰਕ ਸਿੰਘਾਂ ਦੀ ਇਕੱਤਰਤਾ

# ਹਲਕਾ ਪੱਧਰ ਤੇ ਸ਼੍ਰੋਮਣੀ ਕਮੇਟੀ ਵੱਲੋਂ ਹੋਣਗੇ ਗੁਰਮਤਿ ਸਮਾਗਮ-ਹਰਜਿੰਦਰ ਸਿੰਘ ਧਾਮੀ





ਤਲਵੰਡੀ ਸਾਬੋ, 11 ਜੁਲਾਈ (ਗੁਰਜੰਟ ਸਿੰਘ ਨਥੇਹਾ)- ਧਰਮ ਪ੍ਰਚਾਰ ਲਹਿਰ ਨੂੰ ਹੋਰ ਮਜ਼ਬੂਤ ਢੰਗ ਨਾਲ ਚਲਾਉਣ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਤੋਂ ਸੰਗਤਾਂ ਨੂੰ ਜਾਣੂ ਕਰਵਾਉਣ ਲਈ ਹਰ ਹਲਕੇ ਵਿੱਚ ਕੀਤੇ ਜਾਣ ਵਾਲੇ ਗੁਰਮਤਿ ਸਮਾਗਮਾਂ ਦੀ ਰੂਪ ਰੇਖਾ ਉਲੀਕਣ ਲਈ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਦੀ ਅਗਵਾਈ ਹੇਠ ਮਾਲਵਾ ਜ਼ੋਨ ਦੇ ਮੈਂਬਰ ਸਾਹਿਬਾਨ ਤੇ ਪ੍ਰਚਾਰਕ ਸਿੰਘਾਂ ਦੀ ਇਕੱਤਰਤਾ ਹੋਈ, ਜਿਸ ਵਿੱਚ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਨੂੰ ਲੈ ਕੇ ਵਿਚਾਰ ਚਰਚਾ ਕੀਤੀ ਗਈ। ਇਕੱਤਰਤਾ ਦੌਰਾਨ ਧਰਮ ਪ੍ਰਚਾਰ ਲਹਿਰ (ਪ੍ਰਚਾਰ ਵਹੀਰ) ਨੂੰ ਹੋਰ ਪ੍ਰਭਾਵਸ਼ਾਲੀ ਅਤੇ ਤੇਜ਼ ਕਰਨ ਲਈ ਮੰਥਨ ਕੀਤਾ ਗਿਆ।

ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰ ਹਲਕੇ ਚ ਕੀਤੇ ਜਾਣ ਵਾਲੇ ਗੁਰਮਤਿ ਸਮਾਗਮਾਂ ਦਾ ਮਕਸਦ ਸੰਗਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਰਵਉੱਚ ਸਿਧਾਂਤ, ਸਿੱਖ ਇਤਿਹਾਸ ਅਤੇ ਪੰਥ ਵਿੱਚ ਮਰਯਾਦਾ ਦੀ ਅਹਿਮੀਅਤ ਬਾਰੇ ਵਿਸਥਾਰ ਵਿੱਚ ਜਾਣੂ ਕਰਵਾਉਣਾ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨਾ ਹੋਵੇਗਾ। ਉਨ੍ਹਾਂ ਨੇ ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਤਨਦੇਹੀ ਨਾਲ ਸਿੱਖੀ ਪ੍ਰਚਾਰ ਲਈ ਸਰਗਰਮ ਹੋਣ ਲਈ ਪ੍ਰੇਰਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਾਜ਼ਰ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਵੀ ਧਰਮ ਪ੍ਰਚਾਰ ਦੀ ਇਸ ਮੁਹਿੰਮ ਦੀ ਪੁਰਜ਼ੋਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਅੰਦਰ ਸੰਗਤ, ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਰਵਉੱਚ ਸਿਧਾਂਤ ਦੀ ਅਹਿਮੀਅਤ ਬਾਰੇ ਜਾਗਰੂਕ ਕਰਨਾ ਬੇਹੱਦ ਜ਼ਰੂਰੀ ਹੈ। ਜਥੇਦਾਰ ਸਾਹਿਬ ਨੇ ਭਰੋਸਾ ਦਿਵਾਇਆ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਪ੍ਰਬੰਧਕਾਂ ਵੱਲੋਂ ਮਾਲਵਾ ਜ਼ੋਨ ਅੰਦਰ ਧਰਮ ਪ੍ਰਚਾਰ ਹਿੱਤ ਕਾਰਜਾਂ ਵਿੱਚ ਪੂਰਾ ਸਹਿਯੋਗ ਕੀਤਾ ਜਾਵੇਗਾ ਤਾਂ ਜੋ ਘਰ-ਘਰ ਤੱਕ ਸਿੱਖੀ ਦਾ ਸੁਨੇਹਾ ਪਹੁੰਚਾਇਆ ਜਾ ਸਕੇ। ਇਕੱਤਰਤਾ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇਦਾਰ ਅਵਤਾਰ ਸਿੰਘ ਵਣਵਾਲਾ,ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ,ਜਥੇਦਾਰ ਜਗਸੀਰ ਸਿੰਘ ਮਾਂਗੇਆਣਾ,ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ,ਜਥੇਦਾਰ ਕੌਰ ਸਿੰਘ,ਬੀਬੀ ਜੋਗਿੰਦਰ ਕੌਰ,ਬੀਬੀ ਗੁਰਿੰਦਰ ਕੌਰ ਭੋਲੂਵਾਲਾ,ਬੀਬੀ ਨਰਿੰਦਰ ਕੌਰ ਰਣੀਆਂ ਸਾਰੇ ਮੈਂਬਰ ਸ਼੍ਰੋਮਣੀ ਕਮੇਟੀ,ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜ਼ਰ ਭਾਈ ਨਰਿੰਦਰਜੀਤ ਸਿੰਘ ਭਵਾਨੀਗੜ੍ਹ,ਭਾਈ ਭੋਲਾ ਸਿੰਘ ਇੰਚਾਰਜ ਧਰਮ ਪ੍ਰਚਾਰ ਸਬ ਆਫਿਸ,ਸ਼੍ਰੋਮਣੀ ਕਮੇਟੀ ਦੇ ਪ੍ਰਮੁੱਖ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਸਮੇਤ ਵੱਡੀ ਗਿਣਤੀ ਪ੍ਰਚਾਰਕ,ਢਾਡੀ ਤੇ ਕਵੀਸ਼ਰ ਸਿੰਘ ਮੌਜੂਦ ਸਨ।

'ਇੱਕ ਦੇਸ਼, ਇੱਕ ਚੋਣ' ਦਾ ਫਾਰਮੂਲਾ ਦੇਸ਼ ਅੰਦਰ 2029 ਤੱਕ ਹੋ ਸਕਦਾ ਹੈ ਲਾਗੂ: ਜੇਪੀਸੀ ਮੁਖੀ ਪੀ.ਪੀ. ਚੌਧਰੀ

# 99 ਫ਼ੀਸਦੀ ਹਿੱਸੇਦਾਰਾਂ ਨੇ ਕੀਤਾ ਸਮਰਥਨ, ਵਾਰ-ਵਾਰ ਚੋਣਾਂ ਨਾਲ 7 ਲੱਖ ਕਰੋੜ ਰੁਪਏ ਦੇ ਨੁਕਸਾਨ ਦਾ ਦਾਅਵਾ

ਨਵੀਂ ਦਿੱਲੀ 12 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਦੇਸ਼ ਵਿੱਚ ਲੋਕ ਸਭਾ, ਰਾਜ ਵਿਧਾਨ ਸਭਾਵਾਂ ਅਤੇ ਸਥਾਨਕ ਸਰਕਾਰਾਂ ਦੀਆਂ ਚੋਣਾਂ ਇੱਕੋ ਸਮੇਂ ਕਰਵਾਉਣ ਦੀ ਯੋਜਨਾ 2029 ਦੀਆਂ ਲੋਕ ਸਭਾ ਚੋਣਾਂ ਤੱਕ ਹਕੀਕਤ ਬਣ ਸਕਦੀ ਹੈ। 'ਇੱਕ ਦੇਸ਼, ਇੱਕ ਚੋਣ' ਨਾਲ ਸਬੰਧਤ ਸੰਵਿਧਾਨ (129ਵਾਂ ਸੋਧ) ਬਿੱਲ ਦੀ ਜਾਂਚ ਕਰ ਰਹੀ ਸੰਯੁਕਤ ਸੰਸਦੀ ਕਮੇਟੀ (ਜੇਪੀਸੀ) ਦੇ ਚੇਅਰਮੈਨ ਪੀ.ਪੀ. ਚੌਧਰੀ ਨੇ ਦਾਅਵਾ ਕੀਤਾ ਹੈ ਕਿ ਹੁਣ ਤੱਕ ਜਿਨ੍ਹਾਂ ਸੰਵਿਧਾਨਕ ਮਾਹਿਰਾਂ, ਨਾਗਰਿਕ ਸੰਸਥਾਵਾਂ, ਸਿੱਖਿਆਵਿਦਾਂ ਅਤੇ ਹੋਰ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕੀਤਾ ਗਿਆ ਹੈ, ਉਨ੍ਹਾਂ ਵਿੱਚੋਂ ਲਗਭਗ 99 ਫ਼ੀਸਦੀ ਨੇ ਇਸ ਪ੍ਰਸਤਾਵ ਦਾ ਸਮਰਥਨ ਕੀਤਾ ਹੈ। ਗੋਆ ਵਿੱਚ ਕਮੇਟੀ ਦੀ ਦੋ ਰੋਜ਼ਾ ਬੈਠਕ ਦੌਰਾਨ ਚੌਧਰੀ ਨੇ ਕਿਹਾ ਕਿ ਵਾਰ-ਵਾਰ ਚੋਣਾਂ ਕਰਵਾਉਣ ਕਾਰਨ ਦੇਸ਼ ਨੂੰ ਲਗਭਗ 7 ਲੱਖ ਕਰੋੜ ਰੁਪਏ ਦਾ ਆਰਥਿਕ ਨੁਕਸਾਨ ਝੱਲਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਣਾਲੀ ਨੂੰ ਬਦਲਣ ਨਾਲ ਨਾ ਸਿਰਫ਼ ਸਰਕਾਰੀ ਖ਼ਰਚ ਵਿੱਚ ਕਮੀ ਆਵੇਗੀ, ਸਗੋਂ ਪ੍ਰਸ਼ਾਸਨਿਕ ਕੰਮਕਾਜ ਅਤੇ ਵਿਕਾਸ ਕਾਰਜਾਂ ਵਿੱਚ ਵੀ ਰੁਕਾਵਟਾਂ ਘੱਟ ਹੋਣਗੀਆਂ। ਉਨ੍ਹਾਂ ਦੱਸਿਆ ਕਿ ਕਮੇਟੀ ਨੇ ਗੋਆ ਦੇ ਮੁੱਖ ਮੰਤਰੀ ਪ੍ਰਮੋਦ ਸਾਵੰਤ ਅਤੇ ਮੰਤਰੀ ਮੰਡਲ ਨਾਲ ਇਸ ਵਿਸ਼ੇ 'ਤੇ ਵਿਸਥਾਰ ਨਾਲ ਚਰਚਾ ਕੀਤੀ। ਇਸ ਤੋਂ ਇਲਾਵਾ ਗੁਜਰਾਤ, ਕਰਨਾਟਕ, ਮਹਾਰਾਸ਼ਟਰ, ਹਿਮਾਚਲ ਪ੍ਰਦੇਸ਼, ਉੱਤਰਾਖੰਡ, ਪੰਜਾਬ, ਹਰਿਆਣਾ ਅਤੇ ਦਿੱਲੀ ਸਮੇਤ ਕਈ ਰਾਜਾਂ ਵਿੱਚ ਵੀ ਵੱਖ-ਵੱਖ ਧਿਰਾਂ ਨਾਲ ਸਲਾਹ-ਮਸ਼ਵਰਾ ਕੀਤਾ ਜਾ ਚੁੱਕਾ ਹੈ। ਚੌਧਰੀ ਨੇ ਕਿਹਾ ਕਿ ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਦੀ ਅਗਵਾਈ ਵਾਲੀ ਉੱਚ ਪੱਧਰੀ ਕਮੇਟੀ ਨੇ ਆਪਣੀ 18,626 ਪੰਨਿਆਂ ਦੀ ਰਿਪੋਰਟ ਵਿੱਚ ਦੋ ਪੜਾਵਾਂ ਵਿੱਚ 'ਇੱਕ ਦੇਸ਼, ਇੱਕ ਚੋਣ' ਲਾਗੂ ਕਰਨ ਦੀ ਸਿਫ਼ਾਰਸ਼ ਕੀਤੀ ਹੈ। ਪਹਿਲੇ ਪੜਾਅ ਵਿੱਚ ਲੋਕ ਸਭਾ ਅਤੇ ਸੂਬਾਈ ਵਿਧਾਨ ਸਭਾਵਾਂ ਦੀਆਂ ਚੋਣਾਂ ਇਕੱਠਿਆਂ ਕਰਵਾਉਣ ਅਤੇ ਦੂਜੇ ਪੜਾਅ ਵਿੱਚ 100 ਦਿਨਾਂ ਦੇ ਅੰਦਰ ਨਗਰ ਨਿਗਮਾਂ, ਨਗਰ ਪਾਲਿਕਾਵਾਂ ਅਤੇ ਪੰਚਾਇਤਾਂ ਦੀਆਂ ਚੋਣਾਂ ਕਰਵਾਉਣ ਦਾ ਸੁਝਾਅ ਦਿੱਤਾ ਗਿਆ ਹੈ। ਜ਼ਿਕਰਯੋਗ ਹੈ ਕਿ ਕੇਂਦਰ ਸਰਕਾਰ ਵੱਲੋਂ ਸੰਵਿਧਾਨ (129ਵਾਂ ਸੋਧ) ਬਿੱਲ, 2024 ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਕਾਨੂੰਨ (ਸੋਧ) ਬਿੱਲ, 2024 ਸੰਸਦ ਵਿੱਚ ਪੇਸ਼ ਕੀਤੇ ਜਾਣ ਤੋਂ ਬਾਅਦ ਵਿਰੋਧੀ ਧਿਰ ਨੇ ਇਸ ਪ੍ਰਸਤਾਵ ਦਾ ਤਿੱਖਾ ਵਿਰੋਧ ਕੀਤਾ ਸੀ। ਇਸ ਮਗਰੋਂ ਦੋਵੇਂ ਬਿੱਲਾਂ ਨੂੰ ਵਿਸਥਾਰਪੂਰਵਕ ਜਾਂਚ ਲਈ ਸੰਯੁਕਤ ਸੰਸਦੀ ਕਮੇਟੀ ਕੋਲ ਭੇਜ ਦਿੱਤਾ ਗਿਆ।




# 'ਸਤਲੁਜ' ਨਹੀ 'ਸੱਚ' ਤੋਂ ਡਰਦੀ ਹੈ ਸਰਕਾਰ : ਸ਼ਮਸ਼ੇਰ ਸਿੰਘ ਪੱਧਰੀ

## ਫਿਲਮ ਨੂੰ ਪਰਦੇ ਤੋਂ ਹਟਾ ਕੇ ਸੱਚ ਦੇ ਸਫੇ ਨਹੀਂ ਪਾੜੇ ਜਾ ਸਕਦੇ, ਸਿਆਸੀ ਸਵਾਰਥ ਲਈ ਕੇਂਦਰ ਨੇ ਜਾਂਚ ਏਜੰਸੀਆਂ ਅਤੇ ਉੱਚ ਅਦਾਲਤਾਂ ਨੂੰ ਵੀ ਕਟਹਿਰੇ 'ਚ ਖੜ੍ਹਾ ਕੀਤਾ



ਅੰਮ੍ਰਿਤਸਰ 12 ਜੁਲਾਈ (ਆਵਾਜ਼ਿ ਕੌਮ ਬਿਊਰੋ)-ਅਕਾਲੀ ਦਲ ਵਾਰਿਸ ਪੰਜਾਬ ਦੇ ਮੀਡੀਆ ਇੰਚਾਰਜ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਪੰਜਾਬ ਵਿੱਚ ਹੋਏ ਮਨੁੱਖੀ ਅਧਿਕਾਰਾਂ ਦੇ ਘਾਣ ਨਾਲ ਜੁੜੀ ਫਿਲਮ 'ਸਤਲੁਜ' ਨੂੰ ਪਹਿਲਾਂ ਭਾਰਤ ਅਤੇ ਹੁਣ ਵਿਦੇਸ਼ਾਂ ਵਿੱਚ ਵੀ ਓਟੀਟੀ ਪਲੇਟਫਾਰਮ ਤੋਂ ਹਟਾਏ ਜਾਣ ਉੱਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਸ ਕਾਰਵਾਈ ਨੇ ਕੇਂਦਰ ਸਰਕਾਰ ਦੀ ਨੀਅਤ ਉੱਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪੱਧਰੀ ਨੇ ਕਿਹਾ ਕਿ ਭਾਰਤ ਵਿੱਚ ਫਿਲਮ ਹਟਾਏ ਜਾਣ ਤੋਂ ਬਾਅਦ ਹੋਏ ਵੱਡੇ ਵਿਰੋਧ ਮਗਰੋਂ ਕੇਂਦਰ ਸਰਕਾਰ ਵੱਲੋਂ ਮਾਮਲੇ ਦੀ ਸਮੀਖਿਆ ਲਈ ਅੰਤਰ-ਵਿਭਾਗੀ ਕਮੇਟੀ ਬਣਾਈ ਗਈ ਸੀ। ਹੁਣ ਸਮੀਖਿਆ ਪ੍ਰਕਿਰਿਆ ਤੋਂ ਬਾਅਦ ਫਿਲਮ ਦਾ ਵਿਦੇਸ਼ਾਂ ਵਿੱਚ ਵੀ ਹਟਾਇਆ ਜਾਣਾ ਹੋਰ ਗੰਭੀਰ ਸਵਾਲ ਪੈਦਾ ਕਰਦਾ ਹੈ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਕਮੇਟੀ ਦੀ ਪੂਰੀ ਰਿਪੋਰਟ ਜਨਤਕ ਕਰੇ ਅਤੇ ਦੱਸੇ ਕਿ ਆਖ਼ਰ 'ਸਤਲੁਜ' ਵਿੱਚ ਅਜਿਹਾ ਕੀ ਹੈ, ਜਿਸ ਤੋਂ ਸਰਕਾਰੀ ਤੰਤਰ ਇੰਨਾ ਡਰਿਆ ਹੋਇਆ ਹੈ ? ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਨਾਲ ਵਾਪਰਿਆ ਘਟਨਾਕ੍ਰਮ ਕੋਈ ਕਾਲਪਨਿਕ ਕਹਾਣੀ ਨਹੀਂ ਹੈ। ਭਾਈ ਖਾਲੜਾ ਦੀ ਗੁੰਮਸ਼ੁਦਗੀ ਤੋਂ ਬਾਅਦ ਮਾਮਲਾ ਦੇਸ਼ ਦੀ ਸਰਵਉੱਚ ਅਦਾਲਤ ਸੁਪਰੀਮ ਕੋਰਟ ਤੱਕ ਪਹੁੰਚਿਆ ਸੀ ਅਤੇ ਅਦਾਲਤੀ ਦਖ਼ਲ ਮਗਰੋਂ ਦੇਸ਼ ਦੀ ਪ੍ਰਮੁੱਖ ਕੇਂਦਰੀ ਜਾਂਚ ਏਜੰਸੀ ਸੀਬੀਆਈ ਵੱਲੋਂ ਮਾਮਲੇ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਤੱਥ ਸਾਹਮਣੇ ਆਏ, ਸਬੰਧਤ ਪੁਲਿਸ ਅਧਿਕਾਰੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਹੋਈ ਅਤੇ ਕਈਆਂ ਨੂੰ ਅਦਾਲਤਾਂ ਵੱਲੋਂ ਸਜ਼ਾਵਾਂ ਵੀ ਸੁਣਾਈਆਂ ਗਈਆਂ। ਪੱਧਰੀ ਨੇ ਸਵਾਲ ਕੀਤਾ ਕਿ ਜੇ ਸੀਬੀਆਈ ਦੀ ਜਾਂਚ ਅਤੇ ਅਦਾਲਤੀ ਫ਼ੈਸਲਿਆਂ ਰਾਹੀਂ ਇਹ ਤੱਥ ਸਾਹਮਣੇ ਆ ਚੁੱਕੇ ਹਨ ਤਾਂ ਉਸੇ ਸੱਚ ਨਾਲ ਜੁੜੀ ਫਿਲਮ ਤੋਂ ਸਰਕਾਰ ਨੂੰ ਖੌਫ਼ ਕਿਉਂ ਹੈ ? 'ਸਤਲੁਜ' ਨੂੰ ਹਟਾ ਕੇ ਕੀ ਕੇਂਦਰ ਸਰਕਾਰ ਸਿਆਸੀ ਸਵਾਰਥ ਲਈ ਆਪਣੀ ਹੀ ਜਾਂਚ ਏਜੰਸੀ ਅਤੇ ਦੇਸ਼ ਦੀਆਂ ਉੱਚ ਅਦਾਲਤਾਂ ਨੂੰ ਕਟਹਿਰੇ ਵਿੱਚ ਖੜ੍ਹਾ ਨਹੀਂ ਕਰ ਰਹੀ ? ਉਨ੍ਹਾਂ ਕਿਹਾ ਕਿ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਨੇ ਪੰਜਾਬ ਦੇ ਹਨੇਰੇ ਦੌਰ ਦੌਰਾਨ ਮਨੁੱਖੀ ਅਧਿਕਾਰਾਂ ਦੇ ਘਾਣ ਅਤੇ ਲਾਵਾਰਿਸ ਕਹਿ ਕੇ ਸਸਕਾਰ ਕੀਤੀਆਂ ਲਾਸ਼ਾਂ ਦਾ ਸੱਚ ਦੁਨੀਆ ਸਾਹਮਣੇ ਲਿਆਉਣ ਲਈ ਆਪਣੀ ਜਾਨ ਕੁਰਬਾਨ ਕੀਤੀ। ਫਿਲਮ ਨੂੰ ਡਿਜੀਟਲ ਪਰਦੇ ਤੋਂ ਹਟਾ ਕੇ ਇਤਿਹਾਸ ਦੇ ਉਹ ਸਫ਼ੇ ਨਹੀਂ ਪਾੜੇ ਜਾ ਸਕਦੇ, ਜਿਨ੍ਹਾਂ ਉੱਤੇ ਜਾਂਚ ਏਜੰਸੀਆਂ ਦੀ ਜਾਂਚ ਅਤੇ ਅਦਾਲਤੀ ਫ਼ੈਸਲਿਆਂ ਦੀ ਮੋਹਰ ਲੱਗ ਚੁੱਕੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਮੀਡੀਆ ਇੰਚਾਰਜ ਸ਼ਮਸ਼ੇਰ ਸਿੰਘ ਪੱਧਰੀ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ 'ਸਤਲੁਜ' ਸਬੰਧੀ ਬਣਾਈ ਕਮੇਟੀ ਦੀ ਰਿਪੋਰਟ ਤੁਰੰਤ ਜਨਤਕ ਕੀਤੀ ਜਾਵੇ, ਫਿਲਮ ਹਟਾਉਣ ਦੇ ਸਪਸ਼ਟ ਕਾਰਨ ਦੇਸ਼ ਸਾਹਮਣੇ ਰੱਖੇ ਜਾਣ ਅਤੇ ਫਿਲਮ ਨੂੰ ਦੁਨੀਆ ਭਰ ਦੇ ਦਰਸ਼ਕਾਂ ਲਈ ਮੁੜ ਉਪਲਬਧ ਕਰਵਾਇਆ ਜਾਵੇ।

# ਆਂਗਣਵਾੜੀ ਜੁਝਾਰੂ ਵਰਕਰ ਹੈਲਪਰ ਯੂਨੀਅਨ ਦੀ ਹੋਈ ਮੀਟਿੰਗ 21 ਜੁਲਾਈ ਨੂੰ ਵਿੱਤ ਮੰਤਰੀ ਪੰਜਾਬ ਦੇ ਦਫ਼ਤਰ ਮੂਹਰੇ ਲਾਇਆ ਜਾਵੇਗਾ ਧਰਨਾ



ਤਲਵੰਡੀ ਸਾਬੋ, 12 ਜੁਲਾਈ (ਗੁਰਜੰਟ ਸਿੰਘ ਨਥੇਹਾ)- ਆਂਗਨਵਾੜੀ ਜੁਝਾਰੂ ਵਰਕਰ/ਹੈਲਪਰ ਯੂਨੀਅਨ ਦੀ ਆਨਲਾਈਨ ਮੀਟਿੰਗ ਹੋਈ ਜਿਸ ਵਿੱਚ ਸਮੁੱਚੇ ਮੈਂਬਰਾਂ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਸਮੁੱਚੇ ਮੈਂਬਰਾਂ ਨੇ ਇੱਕ ਫੈਸਲਾ ਕੀਤਾ ਗਿਆ ਕਿ ਜੇਕਰ ਸਾਡੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਮੰਨਿਆ ਅਤੇ ਲਾਗੂ ਨਾ ਕੀਤਾ ਗਿਆ ਤਾਂ ਧਰਨਾ ਪ੍ਰਦਰਸ਼ਨ ਸ਼ੁਰੂ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਾਕ ਪ੍ਰਧਾਨ ਸ਼੍ਰੀਮਤੀ ਸਤਵੰਤ ਕੌਰ ਰਾਮਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਵਿੱਤ ਮੰਤਰੀ ਪੰਜਾਬ ਮਾਨਯੋਗ ਹਰਪਾਲ ਸਿੰਘ ਚੀਮਾ ਤੋਂ 17 ਜੁਲਾਈ 2026 ਨੂੰ ਮੀਟਿੰਗ ਕਰਨ ਅਰਥਾਤ ਗੱਲਬਾਤ ਕਰਨ ਦਾ ਸਮਾਂ ਮੰਗਿਆ ਹੈ ਜੇਕਰ ਸਾਨੂੰ ਗੱਲਬਾਤ ਕਰਨ ਵਾਸਤੇ ਸਮਾਂ ਨਹੀਂ ਮਿਲਦਾ ਅਤੇ ਸਾਡੇ ਮਾਣ ਭੱਤੇ ਵਿੱਚ ਵਾਧਾ ਨਹੀਂ ਹੁੰਦਾ ਤਾਂ 21 ਜੁਲਾਈ ਨੂੰ ਵਿੱਤ ਮੰਤਰੀ ਪੰਜਾਬ ਦੇ ਦਫਤਰ ਮੂਹਰੇ ਸੰਘਰਸ਼ ਵਿੱਢਿਆ ਜਾਵੇਗਾ ਜਿਸ ਦੀ ਜਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ। ਇਸ ਆਨਲਾਈਨ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸ਼ਿੰਦਰਪਾਲ ਕੌਰ ਭਗਤਾ, ਬਲਜੀਤ ਕੌਰ ਮੋਹਾਲੀ, ਜਸਵੀਰ ਕੌਰ ਬਠਿੰਡਾ, ਜਸਵੀਰ ਕੌਰ ਦਸੂਹਾ, ਜਸਵੰਤ ਕੌਰ ਭੀਖੀ, ਸਰਬਜੀਤ ਕੌਰ ਮਹਿਰਾਜ ਆਦਿ ਹਾਜ਼ਰ ਸਨ।

# ਸਤਲੁਜ 95 ਫ਼ਿਲਮ ਤੇ ਸਰਕਾਰ ਵੱਲੋਂ ਪਾਬੰਦੀ ਲਗਾਉਣਾ ਅਤਿ ਨਿੰਦਣਯੋਗ—ਜਸਬੀਰ ਸਿੰਘ ਭੁੱਲਰ



ਫ਼ਿਰੋਜ਼ਪੁਰ, 12 ਜੁਲਾਈ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਹਲਕਾ ਫ਼ਿਰੋਜ਼ਪੁਰ ਸ਼ਹਿਰ ਦੇ ਇੰਚਾਰਜ ਜਸਬੀਰ ਸਿੰਘ ਭੁੱਲਰ ਨੇ ਸਰਕਾਰ ਦੀਆਂ ਨੀਤੀਆਂ ਤੇ ਤਿੱਖਾ ਨਿਸ਼ਾਨਾ ਸਾਧਿਆ ਹੈ। ਗੱਲਬਾਤ ਕਰਦਿਆਂ ਉਨ੍ਹਾਂ ਕੌਮੀ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਤੇ ਬਣੀ ਫ਼ਿਲਮ ਸਤਲੁਜ 95 ਨੂੰ ਸਿਨੇਮਾ ਘਰਾਂ ਵਿੱਚ ਨਾ ਚੱਲਣ ਦੇਣ ਦੇ ਸਰਕਾਰੀ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਗੱਲਬਾਤ ਕਰਦਿਆਂ ਸ੍ਰੀ ਭੁੱਲਰ ਨੇ ਆਖਿਆ ਕਿ ਇਹ ਫ਼ਿਲਮ ਪੰਜਾਬ ਦੇ ਹੱਕਾਂ ਅਤੇ ਮਨੁੱਖੀ ਅਧਿਕਾਰਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਮਹਾਨ ਸ਼ਹੀਦ ਜਸਵੰਤ ਸਿੰਘ ਖਾਲੜਾ ਦੀ ਕੁਰਬਾਨੀ ਅਤੇ ਉਨ੍ਹਾਂ ਦੇ ਸੰਘਰਸ਼ਮਈ ਜੀਵਨ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਫ਼ਿਲਮ ਨੂੰ ਸਿਨੇਮਾ ਘਰਾਂ ਵਿੱਚ ਚਲਾਇਆ ਜਾਣਾ ਚਾਹੀਦਾ ਸੀ ਤਾਂ ਜੋ ਅੱਜ ਦੀ ਨੌਜਵਾਨ ਪੀੜ੍ਹੀ ਆਪਣੇ ਇਤਿਹਾਸ ਅਤੇ ਕੌਮੀ ਸ਼ਹੀਦਾਂ ਦੇ ਯੋਗਦਾਨ ਬਾਰੇ ਜਾਣੂ ਹੋ ਸਕੇ, ਪਰ ਬੇਹੱਦ ਅਫ਼ਸੋਸ ਦੀ ਗੱਲ ਹੈ ਕਿ ਸਰਕਾਰ ਨੇ ਇਸ ਫ਼ਿਲਮ ਤੇ ਪਾਬੰਦੀ ਲਗਾ ਕੇ ਇਸ ਦੇ ਪ੍ਰਦਰਸ਼ਨ ਨੂੰ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਹੈ। ਅਕਾਲੀ ਆਗੂ ਨੇ ਇਸ ਕਦਮ ਨੂੰ ਵਿਚਾਰਾਂ ਦੀ ਆਜ਼ਾਦੀ ਤੇ ਹਮਲਾ ਦੱਸਿਆ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਨੂੰ ਆਪਣਾ ਇਹ ਲੋਕ ਵਿਰੋਧੀ ਫੈਸਲਾ ਤੁਰੰਤ ਵਾਪਸ ਲੈਣਾ ਚਾਹੀਦਾ ਹੈ ਅਤੇ ਫ਼ਿਲਮ ਨੂੰ ਬਿਨਾਂ ਕਿਸੇ ਰੋਕ ਟੋਕ ਦੇ ਸਿਨੇਮਾ ਘਰਾਂ ਵਿੱਚ ਰਿਲੀਜ਼ ਕਰਨ ਦੀ ਇਜਾਜ਼ਤ ਦੇਣੀ ਚਾਹੀਦੀ ਹੈ, ਤਾਂ ਜੋ ਸ਼ਹੀਦ ਖਾਲੜਾ ਦੀ ਸੱਚਾਈ ਦੁਨੀਆ ਦੇ ਸਾਹਮਣੇ ਆ ਸਕੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਬੀੜਾਂ ਕੈਨੇਡਾ ਭੇਜਣ ਸਬੰਧੀ

# ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਹਿਣ ਸੰਗਤਾਂ -ਸ. ਕਾਹਲਵਾਂ









**ਅੰਮ੍ਰਿਤਸਰ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਬੀੜਾਂ ਕੈਨੇਡਾ ਭੇਜਣ ਸਬੰਧੀ ਸੋਸ਼ਲ ਮੀਡੀਆ ਅਤੇ ਹੋਰ ਮਾਧਿਅਮਾਂ ਰਾਹੀਂ ਕੀਤੇ ਜਾ ਰਹੇ ਗੁੰਮਰਾਹਕੁੰਨ ਪ੍ਰਚਾਰ 'ਤੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਕਿਹਾ ਕਿ ਕੁਝ ਲੋਕ ਜਾਣਬੁੱਝ ਕੇ ਸੰਗਤਾਂ ਅੰਦਰ ਭਰਮ ਅਤੇ ਦੁਚਿੱਤੀ ਪੈਦਾ ਕਰਨ ਦੇ ਨਾਲ-ਨਾਲ ਸਿੱਖ ਸੰਸਥਾ ਦੇ ਅਕਸ ਨੂੰ ਢਾਹ ਲਗਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਜੋ ਮੰਦਭਾਗਾ ਅਤੇ ਨਿੰਦਣਯੋਗ ਹੈ।

ਸ. ਕਾਹਲਵਾਂ ਨੇ ਸਪੱਸ਼ਟ ਕੀਤਾ ਕਿ ਕੈਨੇਡਾ ਦੀਆਂ ਸੰਗਤਾਂ ਅਤੇ ਉਥੋਂ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੱਲੋਂ ਲੰਮੇ ਸਮੇਂ ਤੋਂ ਪ੍ਰਗਟਾਈ ਜਾ ਰਹੀ ਧਾਰਮਿਕ ਲੋੜ ਅਤੇ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਬੀੜਾਂ ਪੂਰਨ ਮਰਿਆਦਾ ਅਨੁਸਾਰ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕਰਕੇ ਕੈਨੇਡਾ ਭੇਜੀਆਂ ਗਈਆਂ ਹਨ। ਇਸ ਸਮੁੱਚੀ ਪ੍ਰਕਿਰਿਆ ਦੌਰਾਨ ਗੁਰਮਰਿਆਦਾ, ਸਤਿਕਾਰ ਅਤੇ ਪੰਥਕ ਪਰੰਪਰਾਵਾਂ ਦਾ ਪੂਰੀ ਤਰ੍ਹਾਂ ਧਿਆਨ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇੰਗਲੈਂਡ, ਆਸਟਰੇਲੀਆ, ਬੈਂਕਾਕ ਸਮੇਤ ਹੋਰ ਵੱਖ ਵੱਖ ਦੇਸ਼ਾਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਲੈਣ ਦੀਆਂ ਪੁੱਜੀਆਂ ਮੰਗਾਂ ਪੁਰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵਿਚ ਪ੍ਰਵਾਨਗੀ ਹੋਣ ਮਗਰੋਂ ਹੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਮਿਤੀ 19 ਸਤੰਬਰ 2009 ਵਿਚ ਪ੍ਰਵਾਨ ਹੋਏ ਮਤਾ ਨੰਬਰ 2 ਦੀ ਰੋਸ਼ਨੀ ਵਿਚ ਮਰਯਾਦਾ ਅਨੁਸਾਰ ਪਾਵਨ ਸਰੂਪ ਪਹਿਲਾਂ ਵੀ ਵਿਦੇਸ਼ ਭੇਜੇ ਗਏ ਹਨ। ਹੁਣ ਵੀ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਐਸੋਸੀਏਸ਼ਨ, ਸਰੀ, ਬੀ.ਸੀ, ਕੈਨੇਡਾ ਵੱਲੋਂ ਪੁੱਜੀ ਮੰਗ ਪੁਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਮਿਤੀ 28 ਜੁਲਾਈ 2025 ਦੀ ਇਕੱਤਰਤਾ ਦੇ ਮਤਾ ਨੰਬਰ 798 ਰਾਹੀਂ ਹੋਈ ਪ੍ਰਵਾਨਗੀ ਉਪਰੰਤ ਹੀ ਪਾਵਨ ਸਰੂਪ ਸਤਿਕਾਰ ਤੇ ਮਰਯਾਦਾ ਸਹਿਤ ਉਕਤ ਗੁਰਦੁਆਰਾ ਸਾਹਿਬ ਵਿਖੇ ਭੇਜੇ ਗਏ ਹਨ।

ਸ. ਕਾਹਲਵਾਂ ਨੇ ਕਿਹਾ ਕਿ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਸ਼ੰਕਾ ਦੀ ਕੋਈ ਗੁੰਜਾਇਸ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਪਾਵਨ ਬੀੜਾਂ ਭੇਜਣ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ ਵੱਲੋਂ ਕੈਨੇਡਾ ਜਾ ਕੇ ਉਥੇ ਕੀਤੇ ਗਏ ਸਮੁੱਚੇ ਪ੍ਰਬੰਧਾਂ ਦਾ ਨਿਰੀਖਣ ਕੀਤਾ ਗਿਆ ਸੀ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਨੇ ਵੀ ਸਬੰਧਤ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਪਾਵਨ ਬੀੜਾਂ ਦੇ ਦਰਸ਼ਨ ਕੀਤੇ ਅਤੇ ਉਥੇ ਮਰਿਆਦਾ ਅਨੁਸਾਰ ਕੀਤੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ ਹੈ। ਸ਼੍ਰੋਮਣੀ ਕਮੇਟੀ ਸਕੱਤਰ ਨੇ ਇਸ ਗੱਲ ਨੂੰ ਵੀ ਪੂਰੀ ਤਰ੍ਹਾਂ ਰੱਦ ਕੀਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਬੀੜਾਂ ਦੇ ਸਬੰਧ ਵਿੱਚ ਕਿਸੇ ਕਿਸਮ ਦਾ ਵਪਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹਾ ਪ੍ਰਚਾਰ ਸਰਾਸਰ ਝੂਠਾ, ਬੇਬੁਨਿਆਦ ਅਤੇ ਸੰਗਤਾਂ ਨੂੰ ਗੁੰਮਰਾਹ ਕਰਨ ਵਾਲਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਬੰਧਤ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੀ ਲੋੜ ਅਤੇ ਮੰਗ ਦੇ ਆਧਾਰ 'ਤੇ ਪੂਰੀ ਪੜਤਾਲ ਉਪਰੰਤ ਪਾਵਨ ਸਰੂਪ ਭੇਟਾ ਰਹਿਤ ਸੰਗਤਾਂ ਨੂੰ ਦਿੱਤੇ ਜਾ ਰਹੇ ਹਨ। ਇਸ ਲਈ ਵਪਾਰ ਜਾਂ ਆਰਥਿਕ ਲਾਭ ਦੇ ਦੋਸ਼ਾਂ ਦਾ ਹਕੀਕਤ ਨਾਲ ਕੋਈ ਸਬੰਧ ਨਹੀਂ ਹੈ। ਸ. ਕਾਹਲਵਾਂ ਨੇ ਸਮੂਹ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਸੋਸ਼ਲ ਮੀਡੀਆ ਜਾਂ ਹੋਰ ਮਾਧਿਅਮਾਂ ਰਾਹੀਂ ਫੈਲਾਈਆਂ ਜਾ ਰਹੀਆਂ ਅਫਵਾਹਾਂ ਅਤੇ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਹਿਣ ਅਤੇ ਕਿਸੇ ਵੀ ਜਾਣਕਾਰੀ ਨੂੰ ਸੱਚ ਮੰਨਣ ਤੋਂ ਪਹਿਲਾਂ ਉਸ ਦੀ ਪੜਤਾਲ ਜ਼ਰੂਰ ਕਰਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ, ਗੁਰਮਰਿਆਦਾ ਅਤੇ ਪੰਥਕ ਪਰੰਪਰਾਵਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਜਾਂ ਸਮਝੌਤੇ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਸ. ਕਾਹਲਵਾਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਹਮੇਸ਼ਾ ਵਿਸ਼ਵ ਭਰ ਦੀਆਂ ਸਿੱਖ ਸੰਗਤਾਂ ਦੀਆਂ ਧਾਰਮਿਕ ਲੋੜਾਂ ਅਤੇ ਭਾਵਨਾਵਾਂ ਦਾ ਸਨਮਾਨ ਕਰਦਿਆਂ ਗੁਰਮਰਿਆਦਾ ਅਨੁਸਾਰ ਆਪਣੀਆਂ ਸੇਵਾਵਾਂ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਸਤਿਕਾਰ ਲਈ ਸੰਗਤਾਂ ਤੋਂ ਮਿਲੇ ਸੁਝਾਵਾਂ ਦਾ ਹਮੇਸ਼ਾ ਸਤਿਕਾਰ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਨਥੇਹਾ ਵਿਖੇ ਐੱਸ.ਆਈ.ਆਰ. ਕੈਂਪ ਦੌਰਾਨ ਵੋਟਰਾਂ ਦੀ ਭਾਰੀ ਆਮਦ, 2003 ਦੀ ਵੋਟਰ ਸੂਚੀ ਦੇ ਆਧਾਰ 'ਤੇ ਕੀਤੀ ਜਾ ਰਹੀ ਹੈ ਮੈਪਿੰਗ





**ਤਲਵੰਡੀ ਸਾਬੋ, 12 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਭਾਰਤ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਮੁਹਿੰਮ ਤਹਿਤ ਪਿੰਡ ਨਥੇਹਾ ਵਿਖੇ ਲਗਾਏ ਗਏ ਵਿਸ਼ੇਸ਼ ਕੈਂਪ ਵਿੱਚ ਵੋਟਰਾਂ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਸਵੇਰ ਤੋਂ ਹੀ ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਸਮੇਤ ਵੱਡੀ ਗਿਣਤੀ ਵਿੱਚ ਵੋਟਰ ਕੈਂਪ ਵਿੱਚ ਪਹੁੰਚ ਕੇ ਆਪਣੀ ਵੋਟਰ ਸੂਚੀ ਸਬੰਧੀ ਕਾਰਵਾਈ ਕਰਵਾ ਰਹੇ ਹਨ। ਇਸ ਐੱਸ.ਆਈ.ਆਰ. ਮੁਹਿੰਮ ਤਹਿਤ ਸਾਲ 2003 ਦੀ ਵੋਟਰ ਸੂਚੀ ਨੂੰ ਆਧਾਰ ਬਣਾ ਕੇ ਵੋਟਰਾਂ ਦੀ ਮੈਪਿੰਗ ਕੀਤੀ ਜਾ ਰਹੀ ਹੈ। ਇਸ ਦੌਰਾਨ ਵੋਟਰਾਂ ਦੇ ਵੇਰਵਿਆਂ ਦੀ ਜਾਂਚ, ਪੁਸ਼ਟੀ ਅਤੇ ਲੋੜ ਅਨੁਸਾਰ ਹੋਰ ਸਬੰਧਤ ਕਾਰਵਾਈ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਕੀਤੀ ਜਾ ਰਹੀ ਹੈ। ਕੈਂਪ ਦੌਰਾਨ ਬੀ.ਐਲ.ਓ. ਬੀਰਬਲ ਸਿੰਘ ਅਤੇ ਬੀ.ਐਲ.ਓ. ਗੁਰਸੇਵਕ ਸਿੰਘ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੂਰੀ ਪਾਰਦਰਸ਼ਤਾ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 2003 ਦੀ ਵੋਟਰ ਸੂਚੀ ਦੇ ਆਧਾਰ 'ਤੇ ਮੈਪਿੰਗ ਕੀਤੀ ਜਾ ਰਹੀ ਹੈ ਅਤੇ ਵੋਟਰਾਂ ਦੇ ਵੇਰਵਿਆਂ ਦੀ ਪੁਸ਼ਟੀ ਲਈ ਲੋੜੀਂਦੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਪਹੁੰਚਣ ਵਾਲੇ ਹਰ ਵੋਟਰ ਦੀ ਪੂਰੀ ਸਹਾਇਤਾ ਕੀਤੀ ਜਾ ਰਹੀ ਹੈ ਤਾਂ ਜੋ ਕਿਸੇ ਨੂੰ ਵੀ ਕੋਈ ਦਿੱਕਤ ਨਾ ਆਵੇ। ਉਨ੍ਹਾਂ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਿਤ ਸਮੇਂ ਅੰਦਰ ਕੈਂਪ ਵਿੱਚ ਪਹੁੰਚ ਕੇ ਆਪਣੇ ਵੇਰਵਿਆਂ ਦੀ ਜਾਂਚ ਕਰਵਾਉਣ ਅਤੇ ਲੋੜੀਂਦੀ ਕਾਰਵਾਈ ਜ਼ਰੂਰ ਪੂਰੀ ਕਰਨ। ਉਨ੍ਹਾਂ ਕਿਹਾ ਕਿ ਵੋਟਰਾਂ ਦਾ ਸਹਿਯੋਗ ਇਸ ਮੁਹਿੰਮ ਦੀ ਸਫਲਤਾ ਲਈ ਬਹੁਤ ਮਹੱਤਵਪੂਰਨ ਹੈ। ਪਿੰਡ ਵਾਸੀਆਂ ਨੇ ਵੀ ਕੈਂਪ ਨੂੰ ਲਾਹੇਵੰਦ ਦੱਸਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਆਪਣੇ ਪਿੰਡ ਵਿੱਚ ਹੀ ਸਹੂਲਤ ਮਿਲ ਰਹੀ ਹੈ ਅਤੇ ਵੋਟਰ ਸੂਚੀ ਨਾਲ ਸਬੰਧਤ ਕੰਮ ਆਸਾਨੀ ਨਾਲ ਕਰਵਾਏ ਜਾ ਰਹੇ ਹਨ। ਕੈਂਪ ਦੌਰਾਨ ਲੋਕਾਂ ਦੀ ਲਗਾਤਾਰ ਆਮਦ ਰਹੀ ਅਤੇ ਪੂਰਾ ਕੰਮ ਸੁਚਾਰੂ ਢੰਗ ਨਾਲ ਜਾਰੀ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

# ਮੇਰੀ ਰਸੋਈ ਮੁਹਿੰਮ ਤਹਿਤ ਲਾਭਪਾਤਰੀ ਪ੍ਰੀਵਾਰਾਂ ਨੂੰ ਜੋਤੀਸਰ ਵਿਖੇ ਡੀਪੂ ਨੰਬਰ 13 ਤੋਂ ਰਿਤੇਸ਼ ਜੈਨ ਵੱਲੋਂ ਰਾਸ਼ਨ ਕਿੱਟਾਂ ਵੰਡੀਆਂ ਗਈਆਂ



**ਜੰਡਿਆਲਾ ਗੁਰੂ, 12 ਜੁਲਾਈ (ਕੁਲਵੰਤ ਸਿੰਘ ਵਿਰਦੀ)**-ਮੇਰੀ ਰਸੋਈ ਮੁਹਿੰਮ ਤਹਿਤ ਲੋੜਵੰਦ ਪਰਿਵਾਰਾਂ ਨੂੰ ਅੱਜ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਜੰਡਿਆਲਾ ਗੁਰੂ ਸ਼ਹਿਰ ਮੁਹੱਲਾ ਜੋਤੀਸਰ ਸਥਿਤ ਡੀਪੂ ਨੰਬਰ 13 ਤੋਂ ਰਿਤੇਸ਼ ਜੈਨ ਵੱਲੋਂ ਲਾਭਪਾਤਰੀ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਦੇਣ ਦੀ ਸ਼ੁਰੂਆਤ ਕੀਤੀ ਗਈ । ਇਸ ਮੌਕੇ ਡੀਪੂ ਹੋਲਡਰ ਰਿਤੇਸ਼ ਜੈਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂਆਤ ਕੀਤੀ ਗਈ ਮੇਰੀ ਰਸੋਈ ਮੁਹਿੰਮ ਦਾ ਮੁੱਖ ਉਦੇਸ਼ ਲੋੜਵੰਦ ਪਰਿਵਾਰਾਂ ਤਕ ਖਾਣ-ਪੀਣ ਦੀਆਂ ਜ਼ਰੂਰੀ ਵਸਤੂਆਂ ਪਹੁੰਚਾਉਣਾ ਹੈ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਦੇ ਦਿਸ਼ਾ ਨਿਰਦੇਸ਼ ਹੇਠ ਹਰ ਵਰਗ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਸਹੂਲਤ ਲੈਣ ਪਹੁੰਚੇ ਲੋੜਵੰਦ ਪ੍ਰੀਵਾਰਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਨਾਂ ਕਿਹਾ ਕਿ ਸ੍ਰ ਹਰਭਜਨ ਸਿੰਘ ਈ.ਟੀ.ਓ ਕੈਬਨਿਟ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਹਰ ਵਰਗ ਨੂੰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ । ਉਨ੍ਹਾਂ ਕਿਹਾ ਕਿ ਅਜਿਹੀਆਂ ਮੁਹਿੰਮਾਂ ਨਾਲ ਲੋੜਵੰਦ ਪਰਿਵਾਰਾਂ ਨੂੰ ਵੱਡੀ ਰਾਹਤ ਮਿਲਦੀ ਹੈ ਅਤੇ ਸਮਾਜ ਵਿਚ ਆਪਸੀ ਭਾਈਚਾਰਾ ਵੀ ਮਜ਼ਬੂਤ ਹੁੰਦਾ ਹੈ। ਰਾਸ਼ਨ ਕਿੱਟਾਂ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੇ ਸ੍ਰ ਹਰਭਜਨ ਸਿੰਘ ਈ.ਟੀ.ਓ ਕੈਬਨਿਟ ਮੰਤਰੀ ਹਲਕਾ ਜੰਡਿਆਲਾ ਗੁਰੂ ਅਤੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆ ਕਿਹਾ ਕਿ ਇਹ ਸਹਾਇਤਾ ਲੋੜਵੰਦ ਪ੍ਰੀਵਾਰਾਂ ਲਈ ਲਾਭਦਾਇਕ ਸਾਬਿਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਅੱਡਾ ਨਾਥ ਦੀ ਖੂੰਹੀ ਚੰਨਣਕੇ ਦੇ

# ਵਿਦਿਆਰਥੀਆਂ ਵੱਲੋਂ ਧਾਰਮਿਕ ਸਥਾਨਾਂ ਦੀ ਯਾਤਰਾ





ਆਵਾਜ਼ਿ ਕੌਮ AWAZE QAUM International Newspaper & WEB TV

ਚੌਕ ਮਹਿਤਾ,12 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਇਲਾਕੇ ਦੀ ਨਾਮਵਰ ਵਿਦਿਅਕ ਅਦਾਰਾ ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਨਾਥ ਦੀ ਖੂਹੀ ਚੰਨਣਕੇ ਡਾਇਰੈਕਟਰ ਸ਼ਿਵਚਰਨ ਸਿੰਘ ਅਤੇ ਚੇਅਰਮੈਨ ਮੈਡਮ ਗੁਰਦੀਪ ਕੌਰ ਦੀ ਅਗਵਾਈ ਹੇਠ ਵਿੱਚ ਸਾਹਿਬਜ਼ਾਦਿਆਂ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਫ਼ਤਿਹਗੜ ਸਾਹਿਬ ਤੇ ਚਮਕੌਰ ਸਾਹਿਬ ਦੀ ਯਾਤਰਾ ਕੀਤੀ ਗਈ। ਵਿਦਿਆਰਥੀ ਤੇ ਅਧਿਆਪਕ ਫ਼ਤਿਹਗੜ ਸਾਹਿਬ ਵਿਖੇ ਸਥਿਤ ਛੋਟੇ ਸਾਹਿਬਜ਼ਾਦੇ ਜੋਰਾਵਰ ਸਿੰਘ ਤੇ ਫ਼ਤਿਹ ਸਿੰਘ ਦੇ ਸ਼ਹੀਦੀ ਅਸਥਾਨ, ਠੰਢਾ ਬੁਰਜ,ਗੁਰਦੁਆਰਾ ਜੋਤੀ ਸਰੂਪ, ਗੁਰਦੁਆਰਾ ਮੋਤੀ ਮਹਿਰਾ ਜੀ ਵਿਖੇ ਨਤਮਸਤਕ ਹੋਏ ਤੇ ਸ. ਸ਼ਿਵਚਰਨ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਇਤਿਹਾਸ ਤੋਂ ਜਾਣੂੰ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਦੀਵਾਨ ਟੋਡਰ ਮੱਲ ਜੀ ਦੀ ਵਿਰਾਸਤੀ ਹਵੇਲੀ ਵਿੱਚ ਵੀ ਲਿਜਾਇਆ ਗਿਆ ।ਉਪਰੰਤ ਚਮਕੌਰ ਸਾਹਿਬ ਵਿਖੇ ਵੱਡੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਅਸਥਾਨ ਕਤਲਗੜ੍ਹ ਤੇ ਗੜ੍ਹੀ ਚਮਕੌਰ ਸਾਹਿਬ ਦੇ ਦਰਸ਼ਨ ਕਰਵਾਏ ਗਏ ਅਤੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ।ਅਤੇ ਸਮੂਹ ਵਿਦਿਆਰਥੀਆਂ, ਸਕੂਲ ਦੀ ਚੜ੍ਹਦੀ ਕਲ੍ਹਾ ਲਈ ਅਰਦਾਸ ਬੇਨਤੀ ਕੀਤੀ।

ਵੈਰੋਵਾਲ ਰੋਡ ਤੋਂ ਪੱਖੋਕੇ ਵਾਇਆ ਦਰਗਾਹ ਬਾਬਾ ਸ਼ੇਖ ਫੱਤਾ ਜੀ ਸੰਪਰਕ ਸੜਕ ਦੀ ਸਪੈਸ਼ਲ ਰਿਪੇਅਰ ਦੀ ਸੁਰੂਆਤ ਕੈਬਨਿਟ ਮੰਤਰੀ ਸ੍ਰ ਈ.ਟੀ.ਓ ਨੇ ਕਰਵਾਈ

# ਕਿਹਾ, ਸੜਕ ਦੀ ਮੁਰੰਮਤ ਨਾਲ ਇਲਾਕਾ ਨਿਵਾਸੀਆਂ ਅਤੇ ਰਾਹਗੀਰਾਂ ਨੂੰ ਮਿਲੇਗੀ ਵੱਡੀ ਰਾਹਤ

**ਜੰਡਿਆਲਾ ਗੁਰੂ, 12 ਜੁਲਾਈ ( ਕੁਲਵੰਤ ਸਿੰਘ ਵਿਰਦੀ )** - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਜੰਡਿਆਲਾ-ਵੈਰੋਵਾਲ ਰੋਡ ਤੋਂ ਪੱਖੋਕੇ ਵਾਇਆ ਦਰਗਾਹ ਬਾਬਾ ਸ਼ੇਖ ਫੱਤਾ ਜੀ ਸੜਕ ਦੀ ਸਪੈਸ਼ਲ ਰਿਪੇਅਰ ਦੇ ਕੰਮ ਦੀ ਰਸਮੀ ਸ਼ੁਰੂਆਤ ਕੀਤੀ। ਇਸ ਸੜਕ ਦੀ ਕੁੱਲ ਲੰਬਾਈ 6.55 ਕਿਲੋਮੀਟਰ, ਚੌੜਾਈ 10 ਫੁੱਟ ਹੈ। ਇਸ ਪ੍ਰੋਜੈਕਟ 'ਤੇ 182.67 ਲੱਖ ਰੁਪਏ ਦੀ ਲਾਗਤ ਆਵੇਗੀ ਅਤੇ ਇਸ ਕੰਮ ਨੂੰ 6 ਮਹੀਨਿਆਂ ਵਿੱਚ ਮੁਕੰਮਲ ਕੀਤਾ ਜਾਵੇਗਾ। ਇਹ ਹੈ ਸੰਪਰਕ ਸੜਕ ਪੰਜਾਬ ਮੰਡੀ ਬੋਰਡ, ਜ਼ਿਲ੍ਹਾ ਤਰਨ ਤਾਰਨ (ਮਾਰਕੀਟ ਕਮੇਟੀ ਤਰਨ ਤਾਰਨ) ਅਧੀਨ ਆਉਂਦੀ ਹੈ ।ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਇਸ ਸੜਕ ਦੀ ਮੁਰੰਮਤ ਨਾਲ ਇਲਾਕੇ ਦੇ ਹਜ਼ਾਰਾਂ ਵਸਨੀਕਾਂ, ਕਿਸਾਨਾਂ ਅਤੇ ਰਾਹਗੀਰਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਚੰਗੀਆਂ ਸੜਕਾਂ ਕਿਸੇ ਵੀ ਖੇਤਰ ਦੇ ਆਰਥਿਕ ਅਤੇ ਸਮਾਜਿਕ ਵਿਕਾਸ ਦੀ ਮਜ਼ਬੂਤ ਨੀਂਹ ਹੁੰਦੀਆਂ ਹਨ ਅਤੇ ਸੂਬਾ ਸਰਕਾਰ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਇਤਿਹਾਸਕ ਉਪਰਾਲੇ ਕੀਤੇ ਹਨ। ਅੱਜ ਪੰਜਾਬ ਦੇ ਹਰ ਖੇਤਰ ਵਿੱਚ ਬਿਨਾਂ ਕਿਸੇ ਪੱਖਪਾਤ ਅਤੇ ਰੁਕਾਵਟ ਦੇ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਲੋਕਾਂ ਨੂੰ ਉਨ੍ਹਾਂ ਦਾ ਸਿੱਧਾ ਲਾਭ ਮਿਲ ਰਿਹਾ ਹੈ ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਮਾਮਲੇ ਵਿੱਚ ਪੰਜਾਬ ਅੱਜ ਦੇਸ਼ ਦੇ ਮੋਹਰੀ ਰਾਜਾਂ ਵਿੱਚ ਆਪਣੀ ਵੱਖਰੀ ਪਛਾਣ ਬਣਾ ਰਿਹਾ ਹੈ। ਸੜਕਾਂ, ਪੁਲਾਂ ਅਤੇ ਹੋਰ ਵਿਕਾਸ ਕਾਰਜਾਂ ਰਾਹੀਂ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਸੂਬਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ ।ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਨੇ ਸਾਲਾਂ ਤੱਕ ਜੰਡਿਆਲਾ ਗੁਰੂ ਹਲਕੇ ਨੂੰ ਅਣਗੌਲਿਆ ਰੱਖਿਆ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਹਲਕੇ ਵਿੱਚ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਇਆ ਗਿਆ ਹੈ। ਅੱਜ ਜੰਡਿਆਲਾ ਗੁਰੂ ਵਿਕਾਸ ਦੇ ਮਾਮਲੇ ਵਿੱਚ ਸੂਬੇ ਦੇ ਮੋਹਰੀ ਹਲਕਿਆਂ ਵਿੱਚ ਆਪਣਾ ਸਥਾਨ ਬਣਾ ਚੁੱਕਾ ਹੈ ।ਲੋਕ ਨਿਰਮਾਣ ਮੰਤਰੀ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਧਾਰਿਤ ਸਮੇਂ ਅੰਦਰ ਉੱਚ ਗੁਣਵੱਤਾ ਨਾਲ ਸੜਕ ਦਾ ਕੰਮ ਮੁਕੰਮਲ ਕਰਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

# ਸੰਗਠਨ ਮਜ਼ਬੂਤ ਕਰਨ ਲਈ ਦੇਸ਼ ਭਰ ਵਿੱਚ ਮੀਟਿੰਗਾਂ ਕਰੇਗਾ ਨੈਸ਼ਨਲ ਅਕਾਲੀ ਦਲ: ਪਰਮਜੀਤ ਸਿੰਘ ਪੰਮਾ




ਨਵੀਂ ਦਿੱਲੀ 12 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਨੈਸ਼ਨਲ ਅਕਾਲੀ ਦਲ ਵੱਲੋਂ ਸੰਗਠਨ ਨੂੰ ਹੋਰ ਮਜ਼ਬੂਤ ਅਤੇ ਸਰਗਰਮ ਬਣਾਉਣ ਲਈ ਦਿੱਲੀ ਸਮੇਤ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਮੀਟਿੰਗਾਂ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਇਹ ਜਾਣਕਾਰੀ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਦਿੱਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਮੀਟਿੰਗਾਂ ਰਾਹੀਂ ਵੱਡੇ ਪੱਧਰ 'ਤੇ ਮੈਂਬਰਸ਼ਿਪ ਮੁਹਿੰਮ ਚਲਾਈ ਜਾਵੇਗੀ ਅਤੇ ਨਵੇਂ ਮੈਂਬਰਾਂ ਨੂੰ ਪਾਰਟੀ ਨਾਲ ਜੋੜ ਕੇ ਵੱਖ-ਵੱਖ ਸੂਬਿਆਂ ਵਿੱਚ ਸੰਗਠਨ ਦਾ ਵਿਸਥਾਰ ਕੀਤਾ ਜਾਵੇਗਾ। ਨਾਲ ਹੀ ਯੋਗ ਮੈਂਬਰਾਂ ਨੂੰ ਜ਼ਿੰਮੇਵਾਰੀਆਂ ਸੌਂਪ ਕੇ ਉਨ੍ਹਾਂ ਦੀ ਰਸਮੀ ਘੋਸ਼ਣਾ ਵੀ ਕੀਤੀ ਜਾਵੇਗੀ। ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਨੈਸ਼ਨਲ ਅਕਾਲੀ ਦਲ ਹਮੇਸ਼ਾ ਲੋਕਾਂ ਦੇ ਹੱਕਾਂ ਅਤੇ ਜਨਹਿੱਤ ਨਾਲ ਜੁੜੇ ਮੁੱਦਿਆਂ ਨੂੰ ਉਠਾਉਂਦਾ ਆਇਆ ਹੈ। ਉਨ੍ਹਾਂ ਦੱਸਿਆ ਕਿ ਸੰਗਠਨ ਵਿੱਚ ਨੌਜਵਾਨਾਂ ਅਤੇ ਮਹਿਲਾਵਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਉਣ ਲਈ ਵੀ ਵਿਸ਼ੇਸ਼ ਯਤਨ ਕੀਤੇ ਜਾਣਗੇ। ਇਸ ਮੌਕੇ ਰਾਸ਼ਟਰੀ ਸਕੱਤਰ ਵਿਕਰਾਂਤ ਮੋਹਨ, ਮਹਿਲਾ ਵਿੰਗ ਦੀ ਰਾਸ਼ਟਰੀ ਪ੍ਰਧਾਨ ਭਾਵਨਾ ਧਵਨ, ਸੋਸ਼ਲ ਵਿੰਗ ਦੀ ਰਾਸ਼ਟਰੀ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ, ਦਿੱਲੀ ਪ੍ਰਦੇਸ਼ ਪ੍ਰਧਾਨ ਕੁਲਦੀਪ ਸਿੰਘ ਮਾਰਵਾਹ ਸਮੇਤ ਹੋਰ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ। ਪੰਮਾ ਨੇ ਕਿਹਾ ਕਿ ਜਲਦ ਹੀ ਮੀਟਿੰਗਾਂ ਅਤੇ ਮੈਂਬਰਸ਼ਿਪ ਮੁਹਿੰਮ ਦੀ ਰੂਪ-ਰੇਖਾ ਜਾਰੀ ਕੀਤੀ ਜਾਵੇਗੀ ਅਤੇ ਪਾਰਟੀ ਕਾਰਕੁਨਾਂ ਨੂੰ ਸੰਗਠਨ ਮਜ਼ਬੂਤ ਕਰਨ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦ ਭਾਈ ਲਾਭ ਸਿੰਘ ਦੇ ਸ਼ਹੀਦੀ ਸਮਾਗਮ 'ਚ ਗੂੰਜਿਆ ਸੰਪੂਰਨ ਅਜ਼ਾਦੀ ਦਾ ਸੱਦਾ, ਵੋਟ ਪ੍ਰਣਾਲੀ 'ਤੇ ਉਠੇ ਸਵਾਲ



ਨਵੀਂ ਦਿੱਲੀ 12 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਪਿੰਡ ਪੰਜਵੜ੍ਹ ਵਿਖੇ ਸ਼ਹੀਦ ਭਾਈ ਲਾਭ ਸਿੰਘ ਪੰਜਵੜ੍ਹ ਦੀ 38ਵੀਂ ਸ਼ਹੀਦੀ ਸਮਾਗਮ ਦੌਰਾਨ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਸਿੱਖ ਕੌਮ ਦੇ ਹੱਕਾਂ ਅਤੇ ਸੰਘਰਸ਼ ਸਬੰਧੀ ਗੱਲਾਂ ਕੀਤੀਆਂ। ਭਾਈ ਨਰਾਇਣ ਸਿੰਘ ਚੌੜਾ ਨੇ ਕਿਹਾ ਕਿ ਜੁਝਾਰੂ ਸਿੰਘਾਂ ਦਾ ਮਕਸਦ ਵੋਟਾਂ ਦੀ ਰਾਜਨੀਤੀ ਨਹੀਂ ਸੀ। ਉੱਘੇ ਵਕੀਲ ਭਾਈ ਜਸਪਾਲ ਸਿੰਘ ਮੰਝਪੁਰ ਨੇ ਵੀ ਆਪਣੇ ਸੰਬੋਧਨ ਦੌਰਾਨ ਜੁਝਾਰੂ ਲਹਿਰ ਨਾਲ ਸਬੰਧਤ ਇਤਿਹਾਸਕ ਘਟਨਾਵਾਂ ਦਾ ਜ਼ਿਕਰ ਕੀਤਾ। ਦਲ ਖਾਲਸਾ ਦੇ ਭਾਈ ਪਰਮਜੀਤ ਸਿੰਘ ਮੰਡ ਨੇ ਸਿੱਖ ਇਤਿਹਾਸ ਦੀ ਪੇਸ਼ਕਾਰੀ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਜਥਾ ਪੰਜ ਪ੍ਰਧਾਨੀ ਦੇ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿੱਖ ਕੌਮ ਦੇ ਅਧਿਕਾਰਾਂ ਅਤੇ ਸੁਤੰਤਰਤਾ ਦੇ ਮਸਲੇ ਨੂੰ ਸਿਧਾਂਤਕ ਤੌਰ 'ਤੇ ਅੱਗੇ ਵਧਾਉਣ ਦੀ ਲੋੜ ਹੈ। ਉਨ੍ਹਾਂ ਨੇ ਮੌਜੂਦਾ ਰਾਜਨੀਤਿਕ ਸਥਿਤੀ ਅਤੇ ਵੋਟ ਪ੍ਰਣਾਲੀ ਸਬੰਧੀ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਸਮਾਗਮ ਵਿੱਚ ਸ਼ਹੀਦ ਭਾਈ ਲਾਭ ਸਿੰਘ ਪੰਜਵੜ੍ਹ ਦੇ ਪਰਿਵਾਰਕ ਮੈਂਬਰਾਂ ਸਮੇਤ ਵੱਖ-ਵੱਖ ਪੰਥਕ ਜਥੇਬੰਦੀਆਂ ਦੇ ਨੁਮਾਇੰਦੇ, ਲੇਖਕ, ਬੁੱਧੀਜੀਵੀ ਅਤੇ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਈਆਂ। ਇਸ ਮੌਕੇ 80 ਤੋਂ ਵੱਧ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ, ਜਦਕਿ ਕਥਾਵਾਚਕਾਂ ਅਤੇ ਕਵੀਸ਼ਰੀ ਜਥਿਆਂ ਨੇ ਵੀ ਹਾਜ਼ਰੀ ਭਰੀ।

ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨ ਚੰਡੀਗੜ੍ਹ ਵਿਖੇ ਜਬਰਦਸਤ ਮੋਟਰਸਾਈਕਲ ਮਾਰਚ ਕਰਨਗੇ ਤਿਆਰੀ ਮੁਕੰਮਲ - ਕਿਸਾਨ ਆਗੂ

ਖਰੜ, 12 ਜੁਲਾਈ (ਰਾਕੇਸ਼ ਭਾਰਦਵਾਜ )- 13 ਜੁਲਾਈ ਨੂੰ ਪੰਜਾਬ ਦੇ ਕਿਸਾਨ ਬਲਬੀਰ ਸਿੰਘ ਰਾਜੇਵਾਲ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੀ ਅਗਵਾਈ ਵਿੱਚ ਆਪਣੀਆਂ ਮੰਗਾਂ ਲਈ ਚੰਡੀਗੜ੍ਹ ਵਿੱਚ ਜਬਰਦਸਤ ਮੋਟਰਸਾਈਕਲ ਮਾਰਚ ਕਰਨਗੇ। ਇਸ ਮਾਰਚ ਲਈ ਵੱਡੇ ਪੱਧਰ ਉੱਤੇ ਹਰ ਤਰ੍ਹਾਂ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਕਿਰਪਾਲ ਸਿੰਘ ਸਿਆਊ ਅਤੇ ਪਰਮਦੀਪ ਸਿੰਘ ਬੈਦਵਾਨ ਨੇ ਕਿਹਾ ਕਿ ਇਸ ਰੋਸ ਮਾਰਚ ਵਿੱਚ ਸ਼ਾਮਲ ਹੋਣ ਵਾਲੇ ਕਿਸਾਨਾਂ ਨੇ ਆਪਣੀਆਂ ਮੰਗਾਂ ਪ੍ਰਿੰਟ ਕਰਵਾ ਕੇ ਕਮੀਜ਼ਾਂ ਪਹਿਨੀਆਂ ਹੋਣਗੀਆਂ। ਉਹਨਾਂ ਦੱਸਿਆ ਕਿ ਜਲੂਸ ਬੇਮਿਸਾਲ ਡਸਿਪਲਨ ਵਿੱਚ ਕੱਢਿਆ ਜਾਵੇਗਾ। ਸਵੇਰੇ 11 ਵਜੇ ਨੇਚਰ ਪਾਰਕ ਮੋਹਾਲੀ ਤੋਂ ਇਹ ਜਲੂਸ ਚੰਡੀਗੜ੍ਹ ਵੱਲ ਮਾਰਚ ਕਰੇਗਾ, ਜਿਸ ਵਿੱਚ ਸਭ ਤੋਂ ਅੱਗੇ ਵੱਡੀ ਗਿਣਤੀ ਵਿੱਚ ਮੋਟਰਸਾਈਕਲ ਹੋਣਗੇ ਅਤੇ ਉਸ ਤੋਂ ਪਿੱਛੇ ਕਾਰਾਂ ਦਾ ਕਾਫਲਾ ਹੋਵੇਗਾ। ਸੈਕਟਰ 34 ਦੀ ਗਰਾਊਂਡ ਵਿੱਚ ਪੰਜਾਬ ਦੇ ਮੁੱਖ ਮੰਤਰੀ ਅਤੇ ਪੰਜਾਬ ਦੇ ਗਵਰਨਰ ਰਾਹੀਂ ਪ੍ਰਧਾਨ ਮੰਤਰੀ ਦੇ ਨਾਂ ਦੋ ਮੈਮੋਰੰਡਮ ਭੇਜੇ ਜਾਣਗੇ। ਉਨ੍ਹਾਂ ਨੇ ਕਿਹਾ ਕਿ ਭਾਰਤ ਸਰਕਾਰ ਅਮਰੀਕਾ ਨਾਲ ਇੱਕ ਕਰ ਮੁਕਤ ਵਪਾਰ ਸਮਝੌਤਾ ਕਰਨ ਵਾਲੀ ਹੈ ਅਤੇ ਇਸ ਸਮਝੌਤੇ ਨਾਲ ਭਾਰਤ ਦੀ ਮੰਡੀ ਅਮਰੀਕਨ ਅਨਾਜ ਅਤੇ ਹੋਰ ਵਸਤਾਂ ਲਈ ਖੋਲਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ 86 ਪ੍ਰਤੀਸ਼ਤ ਕਿਸਾਨਾਂ ਕੋਲ 5 ਏਕੜ ਤੋਂ ਵੱਧ ਜ਼ਮੀਨ ਨਹੀਂ ਜਦਕਿ ਅਮਰੀਕਾ ਦੇ ਆਮ ਕਿਸਾਨ ਹਜ਼ਾਰਾਂ ਏਕੜ ਦੇ ਮਾਲਕ ਹਨ। ਅਮਰੀਕਾ ਦੀ ਸਰਕਾਰ ਆਪਣੇ ਕਿਸਾਨਾਂ ਨੂੰ ਭਾਰੀ ਸਬਸਿਡੀਆਂ ਦਿੰਦੀ ਹੈ। ਭਾਰਤ ਸਰਕਾਰ ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਦੇ ਦਬਾਅ ਹੇਠ ਹੈ। ਜੇ ਸਰਕਾਰ ਨੇ ਅਮਰੀਕਾ ਲਈ ਸਾਡੀ ਮੰਡੀ ਖੋਲ੍ਹ ਦਿੱਤੀ ਤਾਂ ਭਾਰਤ ਦੀ ਖੇਤੀ ਤਬਾਹ ਹੋ ਜਾਵੇਗੀ।

ਡਿਜ਼ੀਟਲ ਦੌਰ ਦੀਆਂ ਚੁਣੌਤੀਆਂ ਵਿਚਕਾਰ ਗੁਰਮਤਿ ਕੈਂਪ ਨਵੀਂ ਪੀੜ੍ਹੀ ਨੂੰ ਪੰਜਾਬੀ, ਗੁਰਬਾਣੀ ਅਤੇ ਸਿੱਖੀ ਨਾਲ ਜੋੜਨ ਦਾ ਬਣੇ ਮਜ਼ਬੂਤ ਮਾਧਿਅਮ

# ਸਿੱਖੀ ਦੇ ਭਵਿੱਖ ਦੀ ਮਜ਼ਬੂਤ ਨੀਂਹ ਹਨ ਗੁਰਮਤਿ ਕੈਂਪ: ਭਾਈ ਸੁਦੀਪ ਸਿੰਘ




**ਨਵੀਂ ਦਿੱਲੀ, 12 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਮੀਡੀਆ ਸਲਾਹਕਾਰ ਅਤੇ ਸੀਨੀਅਰ ਪੱਤਰਕਾਰ ਭਾਈ ਸੁਦੀਪ ਸਿੰਘ ਨੇ ਕਿਹਾ ਕਿ ਗੁਰਮਤਿ ਕੈਂਪ ਸਿੱਖੀ ਦੇ ਭਵਿੱਖ ਦੀ ਮਜ਼ਬੂਤ ਨੀਂਹ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਕੌਮ ਦਾ ਭਵਿੱਖ ਉਸ ਦੀ ਨਵੀਂ ਪੀੜ੍ਹੀ ਦੇ ਸੰਸਕਾਰਾਂ, ਸਿੱਖਿਆ ਅਤੇ ਆਪਣੀ ਵਿਰਾਸਤ ਨਾਲ ਜੁੜਾਅ 'ਤੇ ਨਿਰਭਰ ਕਰਦਾ ਹੈ। ਅੱਜ ਦਾ ਯੁੱਗ ਤਕਨਾਲੋਜੀ, ਸੋਸ਼ਲ ਮੀਡੀਆ ਅਤੇ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਦਾ ਯੁੱਗ ਹੈ। ਬੱਚਿਆਂ ਕੋਲ ਜਾਣਕਾਰੀ ਦੀ ਕੋਈ ਘਾਟ ਨਹੀਂ, ਪਰ ਆਪਣੀ ਭਾਸ਼ਾ, ਆਪਣੇ ਇਤਿਹਾਸ ਅਤੇ ਆਪਣੇ ਧਰਮ ਬਾਰੇ ਜਾਣਕਾਰੀ ਲਗਾਤਾਰ ਘਟਦੀ ਜਾ ਰਹੀ ਹੈ। ਇਹ ਹਾਲਾਤ ਸਿਰਫ਼ ਸਿੱਖ ਸਮਾਜ ਹੀ ਨਹੀਂ, ਸਗੋਂ ਹਰ ਉਸ ਭਾਈਚਾਰੇ ਲਈ ਚਿੰਤਾ ਦਾ ਵਿਸ਼ਾ ਹਨ ਜੋ ਆਪਣੀ ਸੱਭਿਆਚਾਰਕ ਪਛਾਣ ਨੂੰ ਸੰਭਾਲ ਕੇ ਰੱਖਣਾ ਚਾਹੁੰਦਾ ਹੈ। ਭਾਈ ਸੁਦੀਪ ਸਿੰਘ ਨੇ ਕਿਹਾ ਕਿ ਸਿੱਖ ਧਰਮ ਦੀ ਬੁਨਿਆਦ ਗੁਰਬਾਣੀ, ਗੁਰੂ ਸਾਹਿਬਾਨਾਂ ਦੀ ਸਿੱਖਿਆ ਅਤੇ ਉੱਚੀਆਂ ਮਨੁੱਖੀ ਕਦਰਾਂ-ਕੀਮਤਾਂ 'ਤੇ ਟਿਕੀ ਹੋਈ ਹੈ। ਜੇਕਰ ਨਵੀਂ ਪੀੜ੍ਹੀ ਗੁਰਬਾਣੀ ਨੂੰ ਸਮਝਣ, ਪੰਜਾਬੀ ਪੜ੍ਹਨ ਅਤੇ ਆਪਣੇ ਇਤਿਹਾਸ ਨੂੰ ਜਾਣਨ ਤੋਂ ਦੂਰ ਹੋ ਜਾਵੇਗੀ ਤਾਂ ਸਿੱਖੀ ਨਾਲ ਉਸ ਦਾ ਰਿਸ਼ਤਾ ਸਿਰਫ਼ ਰਸਮਾਂ ਤੱਕ ਸੀਮਤ ਰਹਿ ਜਾਵੇਗਾ। ਇਸ ਲਈ ਬੱਚਿਆਂ ਨੂੰ ਬਚਪਨ ਤੋਂ ਹੀ ਆਪਣੀ ਵਿਰਾਸਤ ਨਾਲ ਜੋੜਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਦੱਸਿਆ ਕਿ ਇਸੇ ਸੋਚ ਨਾਲ ਪੰਜ ਸਾਲ ਪਹਿਲਾਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਕੈਂਪਾਂ ਦੀ ਸ਼ੁਰੂਆਤ ਕੀਤੀ। ਮਕਸਦ ਸਿਰਫ਼ ਧਾਰਮਿਕ ਸਿੱਖਿਆ ਦੇਣਾ ਨਹੀਂ ਸੀ, ਸਗੋਂ ਬੱਚਿਆਂ ਵਿੱਚ ਪੰਜਾਬੀ ਭਾਸ਼ਾ, ਗੁਰਮੁਖੀ ਲਿਪੀ, ਸਿੱਖ ਇਤਿਹਾਸ, ਗੁਰਬਾਣੀ ਅਤੇ ਸੇਵਾ ਦੀ ਭਾਵਨਾ ਪ੍ਰਤੀ ਰੁਚੀ ਪੈਦਾ ਕਰਨੀ ਸੀ। ਇਸ ਲਈ ਵਿਸ਼ੇਸ਼ ਅਧਿਐਨ ਸਮੱਗਰੀ ਤਿਆਰ ਕੀਤੀ ਗਈ ਅਤੇ ਦਿੱਲੀ ਦੀਆਂ ਸਿੰਘ ਸਭਾਵਾਂ ਦੇ ਸਹਿਯੋਗ ਨਾਲ ਕੈਂਪਾਂ ਦੀ ਸ਼ੁਰੂਆਤ ਕੀਤੀ ਗਈ।

ਉਨ੍ਹਾਂ ਕਿਹਾ ਕਿ ਅੱਜ ਇਹ ਉਪਰਾਲਾ ਇੱਕ ਅੰਦੋਲਨ ਦਾ ਰੂਪ ਧਾਰ ਚੁੱਕਾ ਹੈ। ਦਿੱਲੀ ਤੋਂ ਸ਼ੁਰੂ ਹੋਏ ਇਹ ਕੈਂਪ ਹੁਣ ਦੇਸ਼ ਦੇ ਕਈ ਸ਼ਹਿਰਾਂ ਤੱਕ ਪਹੁੰਚ ਚੁੱਕੇ ਹਨ ਅਤੇ ਵਿਦੇਸ਼ਾਂ ਤੋਂ ਵੀ ਇਨ੍ਹਾਂ ਲਈ ਤਿਆਰ ਕੀਤੀਆਂ ਗਈਆਂ ਪੁਸਤਕਾਂ ਦੀ ਮੰਗ ਆ ਰਹੀ ਹੈ। ਇਸ ਸਾਲ 1 ਤੋਂ 20 ਜੂਨ ਤੱਕ ਲਗਾਏ ਗਏ 148 ਗੁਰਮਤਿ ਕੈਂਪਾਂ ਵਿੱਚ 20 ਹਜ਼ਾਰ ਤੋਂ ਵੱਧ ਬੱਚਿਆਂ ਦੀ ਭਾਗੀਦਾਰੀ ਇਸ ਗੱਲ ਦਾ ਸਬੂਤ ਹੈ ਕਿ ਸਮਾਜ ਇਨ੍ਹਾਂ ਯਤਨਾਂ ਨੂੰ ਭਰਪੂਰ ਸਹਿਯੋਗ ਦੇ ਰਿਹਾ ਹੈ। ਭਾਈ ਸੁਦੀਪ ਸਿੰਘ ਨੇ ਕਿਹਾ ਕਿ ਗੁਰਮਤਿ ਕੈਂਪਾਂ ਵਿੱਚ ਗੁਰੂ ਸਾਹਿਬਾਨਾਂ ਦਾ ਜੀਵਨ, ਗੁਰਬਾਣੀ ਦੇ ਮੂਲ ਸਿਧਾਂਤ, ਸਿੱਖ ਇਤਿਹਾਸ, ਪੰਜ ਕਕਾਰਾਂ ਦਾ ਮਹੱਤਵ, ਸ਼ਹੀਦਾਂ ਦੀਆਂ ਕੁਰਬਾਨੀਆਂ, ਗੁਰਮੁਖੀ ਲਿਪੀ, ਪੰਜਾਬੀ ਭਾਸ਼ਾ, ਨਿਤਨੇਮ, ਕੀਰਤਨ ਅਤੇ ਸੇਵਾ ਦੀ ਭਾਵਨਾ ਬਾਰੇ ਸਿੱਖਿਆ ਦਿੱਤੀ ਜਾਂਦੀ ਹੈ। ਇਸ ਦੇ ਨਾਲ-ਨਾਲ ਖੇਡਾਂ, ਕੁਇਜ਼, ਸਮੂਹ ਚਰਚਾਵਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਬੱਚਿਆਂ ਦੇ ਆਤਮ-ਵਿਸ਼ਵਾਸ ਅਤੇ ਲੀਡਰਸ਼ਿਪ ਦੇ ਗੁਣ ਵੀ ਵਿਕਸਤ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ 2022 ਵਿੱਚ ਕਰੀਬ 4 ਹਜ਼ਾਰ ਵਿਦਿਆਰਥੀਆਂ ਨਾਲ ਸ਼ੁਰੂ ਹੋਇਆ ਇਹ ਸਫ਼ਰ ਅੱਜ 20 ਹਜ਼ਾਰ ਤੋਂ ਵੱਧ ਬੱਚਿਆਂ ਤੱਕ ਪਹੁੰਚ ਗਿਆ ਹੈ। ਇਹ ਇਸ ਗੱਲ ਦਾ ਪ੍ਰਮਾਣ ਹੈ ਕਿ ਮਾਪੇ ਵੀ ਆਪਣੇ ਬੱਚਿਆਂ ਨੂੰ ਮਾਂ-ਬੋਲੀ ਅਤੇ ਆਪਣੇ ਗੌਰਵਮਈ ਵਿਰਸੇ ਨਾਲ ਜੋੜਨ ਲਈ ਗੰਭੀਰ ਹਨ।

ਭਾਈ ਸੁਦੀਪ ਸਿੰਘ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਜਿਹੜੇ ਬੱਚੇ ਸ਼ੁਰੂਆਤੀ ਸਾਲਾਂ ਵਿੱਚ ਇਨ੍ਹਾਂ ਕੈਂਪਾਂ ਦੇ ਵਿਦਿਆਰਥੀ ਸਨ, ਉਹ ਅੱਜ ਟ੍ਰੇਨਰ ਅਤੇ ਸੇਵਾਦਾਰ ਵਜੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਇਹੀ ਕਿਸੇ ਵੀ ਸਮਾਜਿਕ ਉਪਰਾਲੇ ਦੀ ਅਸਲ ਕਾਮਯਾਬੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹੀ ਬੱਚੇ ਭਵਿੱਖ ਵਿੱਚ ਸਿੱਖ ਸੰਸਥਾਵਾਂ ਦੀ ਜ਼ਿੰਮੇਵਾਰੀ ਸੰਭਾਲਣਗੇ ਅਤੇ ਕੌਮ ਦੀ ਅਗਵਾਈ ਕਰਨਗੇ। ਉਨ੍ਹਾਂ ਕਿਹਾ ਕਿ ਗੁਰਮਤਿ ਕੈਂਪ ਪੰਜਾਬੀ ਭਾਸ਼ਾ ਅਤੇ ਗੁਰਮੁਖੀ ਲਿਪੀ ਦੀ ਸੰਭਾਲ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਜਦੋਂ ਬੱਚੇ ਗੁਰਮੁਖੀ ਸਿੱਖਦੇ ਹਨ ਤਾਂ ਉਹ ਗੁਰਬਾਣੀ ਨੂੰ ਅਨੁਵਾਦ ਰਾਹੀਂ ਨਹੀਂ, ਸਗੋਂ ਮੂਲ ਰੂਪ ਵਿੱਚ ਸਮਝਣ ਦੇ ਯੋਗ ਬਣਦੇ ਹਨ। ਇਹ ਉਨ੍ਹਾਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਦਾ ਸਭ ਤੋਂ ਪ੍ਰਭਾਵਸ਼ਾਲੀ ਮਾਧਿਅਮ ਹੈ। ਅੰਤ ਵਿੱਚ ਭਾਈ ਸੁਦੀਪ ਸਿੰਘ ਨੇ ਕਿਹਾ ਕਿ ਅੱਜ ਲੋੜ ਸਿਰਫ਼ ਕਮੇਟੀਆਂ ਜਾਂ ਸੰਸਥਾਵਾਂ ਦੇ ਯਤਨਾਂ ਦੀ ਨਹੀਂ, ਸਗੋਂ ਹਰ ਸਿੱਖ ਪਰਿਵਾਰ ਦੀ ਸਰਗਰਮ ਭਾਗੀਦਾਰੀ ਦੀ ਹੈ। ਜਦੋਂ ਘਰ, ਗੁਰਦੁਆਰਾ ਅਤੇ ਸਮਾਜ ਮਿਲ ਕੇ ਬੱਚਿਆਂ ਵਿੱਚ ਗੁਰਮਤਿ ਦੇ ਬੀਜ ਬੀਜਣਗੇ, ਤਦ ਹੀ ਸਿੱਖੀ ਦੀ ਰੌਸ਼ਨੀ ਅਤੇ "ਸਰਬੱਤ ਦੇ ਭਲੇ" ਦਾ ਸੰਦੇਸ਼ ਆਉਣ ਵਾਲੀਆਂ ਪੀੜ੍ਹੀਆਂ ਤੱਕ ਮਜ਼ਬੂਤੀ ਨਾਲ ਪਹੁੰਚੇਗਾ। ਉਨ੍ਹਾਂ ਕਿਹਾ ਕਿ ਗੁਰਮਤਿ ਕੈਂਪ ਕੇਵਲ ਗਰਮੀਆਂ ਦੀਆਂ ਛੁੱਟੀਆਂ ਦਾ ਇੱਕ ਪ੍ਰੋਗਰਾਮ ਨਹੀਂ, ਸਗੋਂ ਸਿੱਖੀ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਦਾ ਇੱਕ ਦੂਰਅੰਦੇਸ਼ੀ ਉਪਰਾਲਾ ਹਨ। ਅੱਜ ਬੀਜੇ ਜਾ ਰਹੇ ਇਹ ਸੰਸਕਾਰ ਹੀ ਕੱਲ੍ਹ ਸਿੱਖ ਕੌਮ ਦੀ ਸਭ ਤੋਂ ਵੱਡੀ ਤਾਕਤ ਬਣਨਗੇ।

# ਗਰੀਬ ਪਰਿਵਾਰ ਦੇ ਘਰ ਦੀ ਛੱਤ ਡਿੱਗਣ ਕਾਰਨ ਪ੍ਰੀਵਾਰ ਆਇਆ ਥੱਲੇ

## ਵਿਧਵਾ ਔਰਤ ਪੈਨਸ਼ਨ ਨਾਲ ਕਰ ਰਹੀ ਹੈ ਗੁਜਾਰਾ ਸਰਕਾਰ ਤੇ ਐਨ,,ਆਰ,ਆਈ ਵੀਰਾਂ ਕੋਲੋਂ ਮਦਦ ਦੀ ਕੀਤੀ ਮੰਗ



**ਜੰਡਿਆਲਾ ਗੁਰੂ 12 ਜੁਲਾਈ (ਕੁਲਵੰਤ ਸਿੰਘ ਵਿਰਦੀ )**-ਸਿਆਣੇ ਆਖਦੇ ਹਨ ਕਿ ਗੁਰਬਤ ਦੀ ਜ਼ਿੰਦਗੀ ਨਰਕ ਤੋਂ ਵੀ ਭੈੜੀ ਹੁੰਦੀ ਹੈ।, ਇਹ ਤਾਂ ਉਹੀ ਇਨਸਾਨ ਜਾਣਦਾ ਹੈ ਜਿਸ ਉੱਪਰ ਗਰੀਬੀ ਦੀ ਮਾਰ ਪਈ ਹੋਵੇ, ਅਤੇ ਉੱਪਰੋਂ ਘਰ ਵਿੱਚ ਕਮਾਈ ਦਾ ਕੋਈ ਸਾਧਨ ਵੀ ਨਾ ਹੋਵੇ, ਅਜਿਹੀ ਹੀ ਮਾਰ ਪਿੰਡ ਮੱਲ੍ਹੀਆ ਵਿਖੇ ਗਰੀਬ ਪਰਿਵਾਰ ਨੂੰ ਪਈ, ਜਾਣਕਾਰੀ ਮੁਤਾਬਕ ਪਿੰਡ ਮੱਲ੍ਹੀਆ ਵਿਖੇ ਗੁਰਮੀਤ ਕੌਰ ਦੇ ਪਤੀ ਸੁਬੇਗ ਸਿੰਘ ਦੀ ਚਾਰ ਸਾਲ ਪਹਿਲਾਂ ਮੌਤ ਹੋ ਚੁੱਕੀ ਹੈ, ਆਪਣੇ ਘਰ ਵਿੱਚ ਵਿਧਵਾ ਪੈਨਸ਼ਨ ਦੇ ਸਹਾਰੇ ਗੁਜ਼ਾਰਾ ਕਰ ਰਹੀ ਸੀ। ਬੀਤੇ ਦਿਨ 11 ਤਰੀਕ ਨੂੰ ਜਦੋਂ ਉਹ ਘਰ ਵਿੱਚ ਦੁਪਹਿਰ ਦੇ ਟਾਈਮ ਰੋਟੀ ਖਾ ਰਹੇ ਸੀ ਤਾਂ, ਅਚਾਨਕ ਹੀ ਉਹਨਾਂ ਦੇ ਘਰ ਦੀ ਛੱਤ ਡਿੱਗ ਪਈ,, ਜਿਸ ਵਿੱਚ ਸੁਬੇਗ ਸਿੰਘ ਦੀ ਪਤਨੀ ਅਤੇ ਉਸ ਦੀ ਇੱਕ ਬੇਟੀ ਜੋ ਵਿਆਹੁਤਾ ਹੈ ਅਤੇ ਆਪਣੇ ਪੇਕੇ ਪਿੰਡ ਆਪਣੇ ਤਿੰਨ ਬੱਚਿਆਂ ਨੂੰ ਲੈ ਕੇ, ਪੇਕੇ ਪਿੰਡ ਆਈ ਹੋਈ ਸੀ। ਉਸਦੇ ਤਿੰਨ ਬੇਟੇ ਜਿਸ ਵਿਚੋ ਦੋ ਬੇਟੇ ਆਪਣੀ ਨਾਨੀ ਅਤੇ ਮਾਂ ਨਾਲ ਰੋਟੀ ਖਾ ਰਹੇ ਸਨ ਤੇ ਇੱਕ ਬੇਟਾ ਬਾਹਰ ਖੇਡ ਰਿਹਾ ਸੀ।,ਜੋ ਕਿ ਇੱਕ ਹੀ ਛੱਤ ਥੱਲੇ ਰੋਟੀ ਖਾ ਰਹੇ ਸਨ ਤਾਂ ਅਚਾਨਕ ਹੀ ਕਮਰੇ ਦੀ ਛੱਤ ਦੀ ਹਾਲਤ ਨਾਜ਼ੁਕ ਹੋਣ, ਕਾਰਣ ਛੱਤ ਡਿੱਗ ਪਈ ।ਜਿਸ ਕਾਰਨ ਛੱਤ ਉੱਪਰ ਪਾਏ ਹੋਏ ਬਾਲੇ ਤੇ ਗਾਡਰ ਸਭ ਕੁਝ ਉਨਾ ਦੇ ਉਪਰ ਡਿੱਗ ਗਿਆ ਅਤੇ ਸਾਰੇ ਹੀ ਪੰਜ ਜੀਅ ਛੱਤ ਹੇਠਾਂ ਡਿੱਗਣ ਕਾਰਨ ਥੱਲੇ ਆ ਗਏ, ਅਤੇ ਬੜੀ ਹੀ ਮੁਸ਼ੱਦਦ ਦੇ ਨਾਲ ਆਂਡ ਗਵਾਂਡ ਨੇ ਰਲ ਕੇ ਉਹਨਾਂ ਦੀ ਜਾਨ ਬਚਾਈ, ਛੱਤ ਡਿੱਗਣ ਨਾਲ ਦੋ ਛੋਟੇ ਬੱਚੇ ਇੱਕ ਉਹਨਾਂ ਦੀ ਮਾਂ ਅਤੇ ਇੱਕ ਉਹਨਾਂ ਦੀ ਨਾਨੀ ਜਿਸਦੇ ਕਿ ਕਾਫੀ ਸੱਟਾਂ ਲੱਗ ਗਈਆਂ ਬਾਅਦ ਵਿੱਚ ਉਹਨਾਂ ਨੂੰ ਮਾਨਾਵਾਲ ਸਰਕਾਰੀ ਹਸਪਤਾਲ ਲੈ ਕੇ ਗਏ ਜਿੱਥੇ ਉਨਾਂ ਨੇ ਅੱਗੇ ਉਹਨਾਂ ਨੂੰ ਗੁਰੂ ਨਾਨਕ ਦੇਵ ਹਸਪਤਾਲ ਰੈਫਰ ਕਰ ਦਿੱਤਾ ਗਿਆ ਹੈ। ਇਥੇ ਹੀ ਪੱਤਰਕਾਰਾਂ ਨੂੰ ਵੀ ਜਾਣਕਾਰੀ ਦਿੰਦੇ ਹੋਏ ਪੰਚਾਇਤ ਮੈਂਬਰ ਸੂਰਜ ਸਿੰਘ ਨੇ ਦੱਸਿਆ ਕਿ, ਇਹ ਪਰਿਵਾਰ ਬਹੁਤ ਹੀ ਗਰੀਬ ਪਰਿਵਾਰ ਹੈ ਅਤੇ ਇਸ ਪਰਿਵਾਰ ਕੋਲ ਕਮਾਈ ਦਾ ਕੋਈ ਆਸਰਾ ਵੀ ਨਹੀਂ ਹੈ ਇਸ ਦੀਆਂ ਚਾਰ ਬੇਟੀਆਂ ਹੀ ਹਨ ਕੋਈ ਬੇਟਾ ਵੀ ਨਹੀਂ ਹੈ। ਅਤੇ ਬੇਟੀਆਂ ਹੀ ਆਪਣੇ ਪੇਕੇ ਘਰ ਆਪਣੀ ਮਾਂ ਦਾ ਸਹਾਰਾ ਬਣ ਕੇ ਆਉਂਦੀਆਂ ਹਨ, ਵਾਲ ਵਾਲ ਬਚੇ ਪਰਿਵਾਰਿਕ ਮੈਂਬਰਾਂ ਨੇ ਪੰਜਾਬ ਸਰਕਾਰ ਅਤੇ ਐਨ ਆਰ ਆਈ ਵੀਰਾਂ ਨੂੰ ਗੁਹਾਰ ਲਵਾਈ ਹੈ ਕਿ ਉਨਾਂ ਦੀ ਵੱਧ ਤੋਂ ਮਦਰ ਕੀਤੀ ਜਾਵੇ ਕਿਉਂਕਿ ਛੱਤ ਡਿੱਗਣ ਨਾਲ ਉਹਨਾਂ ਦੇ ਘਰ ਵਿੱਚ ਇੱਕ ਹੀ ਕਮਰੇ ਦੇ ਜਿੰਨਾ ਵੀ ਸਮਾਨ ਸੀ ਅਲਮਾਰੀ, ਮੰਜੇ, ਤਖਤਪੋਜ ਸਭ ਕੁਝ ਹੀ ਟੁੱਟ ਚੁੱਕਾ ਹੈ।

ਸੋ ਐਨ ਆਰ ਆਈ ਵੀਰਾਂ ਨੂੰ ਵੀ ਅਪੀਲ ਹੈ ਕਿ ਜਿੱਥੇ ਤੁਸੀਂ ਲੰਗਰਾਂ ਵਿੱਚ ਇਨੇ ਇਨੇ ਪੈਸੇ ਲਗਾ ਦਿੰਦੇ ਹੋ ਉੱਥੇ ਹੀ ਆਪਾਂ ਇਹਨਾਂ ਗਰੀਬ ਪਰਿਵਾਰਾਂ ਲੋੜਵੰਦ ਪਰਿਵਾਰਾਂ ਦੀ ਬਾਂਹ ਫੜੀਏ, ਜਦੋਂ ਪੱਤਰਕਾਰ ਵੱਲੋਂ ਉਹਨਾਂ ਦੇ ਘਰ ਦਾ ਦ੍ਰਿਸ਼ ਵੇਖਿਆ ਗਿਆ ਤਾਂ ਘਰ ਦੇ ਦ੍ਰਿਸ਼ ਵੱਲ ਵੇਖ ਕੇ ਡਿੱਗੇ ਮਕਾਨ ਵੱਲ ਵੇਖ ਕੇ ਰੂਹ ਨੂੰ ਚੰਝੋੜ ਦੇਣ ਵਾਲੀਆਂ ਤਸਵੀਰਾਂ ਸਨ।, ਸੋ ਸਾਰੇ ਐਨ ਆਰ ਆਈ ਵੀਰਾਂ ਦੇ ਪੰਜਾਬ ਸਰਕਾਰ ਨੂੰ ਵੀ ਪੁਰਜ਼ੋਰ ਮੰਗ ਹੈ ਕਿ ਆਓ ਜਿੱਥੇ ਆਪਾਂ ਗੁਰੂ ਮਹਾਰਾਜ ਦਾ ਦਸਵੰਧ ਕੱਢਦੇ ਹਾਂ ਉੱਥੇ ਹੀ ਉਸ ਦਸਵੰਧ ਵਿੱਚੋਂ ਆਪਣੀ ਤਿਲ ਫੁੱਲ ਭੇਟਾ ਇਸ ਗਰੀਬ ਪਰਿਵਾਰਾਂ ਨੂੰ ਵੀ ਦਈਏ, ਤਾਂ ਜੋ ਉਹ ਦੁਬਾਰੇ ਆਪਣਾ ਰਹਿਣ ਬਸੇਰਾ ਬਣਾ ਕੇ ਆਪਣੇ ਘਰ ਰਹਿ ਸਕਣ।

ਭਾਈ ਖਾਲੜਾ ਦੇ ਜੀਵਨ ਅਤੇ ਸਿੱਖ ਨੌਜਵਾਨਾਂ ਨਾਲ ਹੋਈਆਂ ਵਧੀਕੀਆਂ 'ਤੇ ਆਧਾਰਿਤ

# ਫ਼ਿਲਮ 'ਸਤਲੁਜ' ਤੇ ਪਾਬੰਦੀ ਲਗਾਉਣ ਦੀ ਚੇਅਰਮੈਨ ਵਾਰੀਆ ਨੇ ਕੀਤੀ ਨਿੰਦਾ

ਇਕ ਨੂਰ ਸਵੈ ਸੇਵੀ ਸੰਸਥਾ ਦੇ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ ਨੇ ਭਾਈ ਜਸਵੰਤ ਸਿੰਘ ਜੀ ਖਾਲੜਾ ਦੇ ਜੀਵਨ, ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਵੱਲੋਂ ਕੀਤੇ ਅਦੁੱਤੀ ਕਾਰਜਾਂ ਅਤੇ ਪੁਲਿਸ ਵੱਲੋਂ ਸਿੱਖ ਨੌਜਵਾਨਾਂ ਨਾਲ ਕੀਤੀਆਂ ਵਧੀਕੀਆਂ 'ਤੇ ਆਧਾਰਿਤ

## ਸਿੱਖਾਂ 'ਤੇ ਹੋਏ ਸਰਕਾਰੀ ਅਤਿਆਚਾਰ ਦੀ ਸਚਾਈ ਨੂੰ ਕਦੇ ਵੀ ਦਬਾਇਆ ਨਹੀਂ ਜਾ ਸਕਦਾ - ਚੇਅਰਮੈਨ ਇੰਦਰਜੀਤ ਸਿੰਘ ਵਾਰੀਆ

ਫ਼ਿਲਮ 'ਸਤਲੁਜ' ਨੂੰ ਜਾਰੀ ਹੋਣ ਤੋਂ ਕੁਝ ਸਮਾਂ ਬਾਅਦ ਹੀ ਭਾਰਤ ਵਿੱਚ ਜੀ ਨੈਟਵਰਕ ਤੋਂ ਮਨਮਾਨੇ ਢੰਗ ਨਾਲ ਹਟਾਏ ਜਾਣ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।

ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ ਨੇ ਕਿਹਾ ਕਿ 1984 ਤੋਂ ਬਾਅਦ ਪੁਲਿਸ ਨੇ ਹਜ਼ਾਰਾਂ ਬੇਗੁਨਾਹ ਨੌਜਵਾਨਾਂ ਨੂੰ ਤਸੀਹੇ ਦੇ ਕੇ ਸ਼ਹੀਦ ਕੀਤਾ ਅਤੇ ਲਾਵਾਰਸ ਕਹਿ ਕੇ ਲਾਸ਼ਾ. ਨੂੰ ਸਾੜ ਦਿੱਤਾ ਗਿਆ। ਭਾਈ ਜਸਵੰਤ ਸਿੰਘ ਖਾਲੜਾ ਨੇ ਪੰਜਾਬ ਦੇ ਇਤਿਹਾਸ ਦੇ ਉਸ ਦਰਦਨਾਕ ਦੌਰ ਨੂੰ ਦੁਨੀਆ ਸਾਹਮਣੇ ਲਿਆਉਣ ਲਈ ਆਪਣਾ ਜੀਵਨ ਸਮਰਪਿਤ ਕਰ ਦਿੱਤਾ। ਉਨ੍ਹਾਂ ਵੱਲੋਂ ਕੀਤੇ ਯਤਨਾਂ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਇਨਸਾਫ਼ ਦੀ ਆਸ ਬੱਝੀ ਸੀ ਜਿਨ੍ਹਾਂ ਦੇ ਨੌਜਵਾਨ ਪੁੱਤਰ ਲਾਪਤਾ ਕਰ ਦਿੱਤੇ ਗਏ ਸਨ। ਦੁਖਦਾਈ ਪਹਿਲੂ ਇਹ ਹੈ ਕਿ ਲੋਕਾਂ ਦੀ ਆਸ ਬਣੇ ਭਾਈ ਖਾਲੜਾ ਨੂੰ ਵੀ ਪੁਲਿਸ ਨੇ ਸ਼ਹੀਦ ਕਰ ਦਿੱਤਾ।



ਉਨ੍ਹਾਂ ਕਿਹਾ ਕਿ ਭਾਈ ਖਾਲੜਾ ਦੇ ਜੀਵਨ ਤੇ ਬਣੀ ਇਸ ਫਿਲਮ ਵਿਚ ਇਤਿਹਾਸ ਦੇ ਤੱਥਾਂ, ਮਨੁੱਖੀ ਅਧਿਕਾਰਾਂ ਅਤੇ ਸਮਾਜਕ ਸੱਚਾਈ ਨੂੰ ਸਾਹਮਣੇ ਲਿਆਂਦਾ ਗਿਆ ਹੈ, ਜਿਸ ਨੂੰ ਰੋਕਣ ਦੀ ਬਜਾਏ ਖੁੱਲ੍ਹੇ ਮਨ ਨਾਲ ਦੇਖਿਆ ਅਤੇ ਵਿਚਾਰਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਤੇ ਹੋਏ ਸਰਕਾਰੀ ਅਤਿਆਚਾਰ ਨੂੰ ਲੁਕਾਉਣ ਦੇ ਯਤਨ ਕਦੇ ਵੀ ਸਫਲ ਨਹੀਂ ਹੋ ਸਕਦੇ। ਜਿਨ੍ਹਾਂ ਨੌਜਵਾਨਾਂ ਨੂੰ ਸ਼ਹੀਦ ਕਰਨ ਮਗਰੋਂ ਲਾਵਾਰਸ ਕਹਿ ਕੇ ਸਾੜ ਦਿੱਤਾ ਗਿਆ ਸੀ ਉਨ੍ਹਾਂ ਕੇਸਾਂ ਵਿੱਚ ਅੱਜ ਮਾਨਯੋਗ ਅਦਾਲਤਾਂ ਵੱਲੋਂ ਉਸ ਵੇਲੇ ਦੇ ਪੁਲਿਸ ਅਧਿਕਾਰੀਆਂ ਨੂੰ ਸਜਾਵਾਂ ਦਿੱਤੀਆਂ ਜਾ ਰਹੀਆਂ ਹਨ। ਅਦਾਲਤਾਂ ਦੇ ਇਨ੍ਹਾਂ ਫੈਸਲਿਆਂ ਤੋਂ ਕਿਵੇਂ ਮੂੰਹ ਮੋੜ ਲਵੋਗੇ।

ਉਨ੍ਹਾਂ ਕਿਹਾ ਕਿ ਨਾਂ ਤਾਂ ਇਤਿਹਾਸ ਦੇ ਇਨ੍ਹਾਂ ਪੰਨਿਆਂ ਨੂੰ ਮਿਟਾਇਆ ਜਾ ਸਕਦਾ ਹੈ ਅਤੇ ਨਾ ਹੀ ਕਿਸੇ ਪਾਬੰਦੀ ਰਾਹੀਂ ਸੱਚ ਨੂੰ ਦਬਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਮੇਤ ਦੁਨੀਆ ਭਰ ਦੇ ਇਨਸਾਫ਼ ਪਸੰਦ ਲੋਕਾਂ ਨੂੰ ਆਪਣੇ ਇਤਿਹਾਸ ਨੂੰ ਜਾਣਨ, ਸਮਝਣ ਅਤੇ ਉਸ ਤੋਂ ਸਿੱਖਣ ਦਾ ਪੂਰਾ ਅਧਿਕਾਰ ਹੈ। ਲੋਕਤੰਤਰ ਵਿੱਚ ਵਿਚਾਰਾਂ ਦੀ ਵਿਭਿੰਨਤਾ ਅਤੇ ਇਤਿਹਾਸਕ ਸੱਚਾਈ ਨੂੰ ਸਾਹਮਣੇ ਰੱਖਣ ਵਾਲੀਆਂ ਰਚਨਾਵਾਂ 'ਤੇ ਰੋਕ ਲਗਾਉਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਇਹ ਕਦਮ ਸੱਚਾਈ ਸਾਹਮਣੇ ਲਿਆਉਣ ਵਾਲੀਆਂ ਆਵਾਜ਼ਾਂ ਨੂੰ ਚੁੱਪ ਕਰਵਾਉਣ ਦੀ ਕੋਸ਼ਿਸ਼ ਘਿਨਾਉਣੀ ਹਰਕਤ ਵਜੋਂ ਦੇਖਿਆ ਜਾਵੇਗਾ।

ਏਕ ਨੂਰ ਸਵੈ ਸੇਵੀ ਸੰਸਥਾ ਦੇ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ ਨੇ ਮੰਗ ਕੀਤੀ ਕਿ ਫ਼ਿਲਮ 'ਸਤਲੁਜ' 'ਤੇ ਲਗਾਈ ਗਈ ਹਰ ਕਿਸਮ ਦੀ ਰੋਕ ਤੁਰੰਤ ਹਟਾਈ ਜਾਵੇ ਤਾਂ ਜੋ ਲੋਕ ਖੁਦ ਇਤਿਹਾਸ ਦੇ ਇਸ ਮਹੱਤਵਪੂਰਨ ਅਧਿਆਇ ਨੂੰ ਸਮਝ ਸਕਣ।

ਉਨ੍ਹਾਂ ਕਿਹਾ ਕਿ ਭਾਈ ਜਸਵੰਤ ਸਿੰਘ ਖਾਲੜਾ ਦੀ ਕੁਰਬਾਨੀ ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਸੱਚ ਦੀ ਜਿੱਤ ਲਈ ਸਦਾ ਪ੍ਰੇਰਣਾ ਸਰੋਤ ਰਹੇਗੀ ਅਤੇ ਇਤਿਹਾਸ ਦੇ ਪੰਨਿਆਂ 'ਤੇ ਦਰਜ ਸੱਚ ਨੂੰ ਦਬਾਉਣ ਦੇ ਯਤਨ ਕਦੇ ਵੀ ਕਾਮਯਾਬ ਨਹੀਂ ਹੋ ਸਕਦੇ।

-ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ

## ਪੰਥਕ ਅਕਾਲੀ ਦਲ ਦੇ ਦਫ਼ਤਰ ਦਾ ਹੋਇਆ ਉਦਘਾਟਨ

# ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਰੋਡੇ ਨੇ ਨਿਭਾਈ ਰਸਮ




**ਫ਼ਿਰੋਜ਼ਪੁਰ, 12 ਜੁਲਾਈ (ਮਨੋਹਰ ਲਾਲ) :—** ਜ਼ਿਲ੍ਹਾ ਫ਼ਰੀਦਕੋਟ ਵਿਖੇ ਪੰਥਕ ਅਕਾਲੀ ਦਲ ਦੇ ਨਵੇਂ ਦਫ਼ਤਰ ਦਾ ਉਦਘਾਟਨ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕੀਤਾ ਗਿਆ। ਇਸ ਸ਼ੁਭ ਮੌਕੇ ਤੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਰੋਡੇ ਵੱਲੋਂ ਆਪਣੇ ਕਰ ਕਮਲਾਂ ਨਾਲ ਦਫ਼ਤਰ ਦਾ ਉਦਘਾਟਨ ਕਰਨ ਦੀ ਰਸਮ ਨਿਭਾਈ ਗਈ। ਇਸ ਪ੍ਰੋਗਰਾਮ ਦੌਰਾਨ ਪਾਰਟੀ ਦੀਆਂ ਗਤੀਵਿਧੀਆਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਅਹਿਮ ਜ਼ਿੰਮੇਵਾਰੀ ਸੌਂਪਦਿਆਂ ਬਲਵਿੰਦਰ ਸਿੰਘ ਨੂੰ ਦਫ਼ਤਰ ਇੰਚਾਰਜ ਲਗਾਇਆ ਗਿਆ ਅਤੇ ਸਮੁੱਚੀ ਲੀਡਰਸ਼ਿਪ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਸੁਖਜਿੰਦਰ ਸਿੰਘ ਹਰਦਿਆਲਿਆਣਾ (ਜ਼ਿਲ੍ਹਾ ਪ੍ਰਧਾਨ ਫ਼ਰੀਦਕੋਟ), ਦਰਸ਼ਨ ਸਿੰਘ ਮੰਡ (ਸਾਬਕਾ ਚੇਅਰਮੈਨ) ਅਤੇ ਸੁਖਜਿੰਦਰ ਸਿੰਘ (ਮੈਨੇਜਰ) ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਉਦਘਾਟਨੀ ਸਮਾਰੋਹ ਦੌਰਾਨ ਫ਼ਰੀਦਕੋਟ ਜ਼ਿਲ੍ਹੇ ਦੇ ਸਾਰੇ ਵਰਕਰ ਅਤੇ ਅਹੁਦੇਦਾਰ ਵੀ ਵੱਡੀ ਗਿਣਤੀ ਵਿੱਚ ਮੌਜੂਦ ਸਨ, ਜਿਨ੍ਹਾਂ ਨੇ ਪਾਰਟੀ ਦੀ ਮਜ਼ਬੂਤੀ ਲਈ ਇੱਕਜੁੱਟ ਹੋ ਕੇ ਕੰਮ ਕਰਨ ਦਾ ਪ੍ਰਣ ਲਿਆ।

## ਪਠਲਾਵਾ ਸੰਸਥਾ ਦੀ ਮੀਟਿੰਗ ਵਿਚ ਦਰਜਨਾਂ ਸਮਾਜ ਸੇਵੀ ਪਰੌਜੈਕਟਾਂ ਨੂੰ

# ਅਮਲ ਵਿਚ ਲਿਆਉਣ ਦਾ ਅਹਿਦ ਲਿਆ ਗਿਆ



ਸਮਾਜ ਸੇਵੀ ਕਾਰਜਾਂ ਨੂੰ ਆਪਣੇ ਅੰਦਾਜ਼ ਵਿਚ ਅਮਲੀ ਜਾਮਾਂ ਪਹਿਨਾ ਕੇ ਵਿਸ਼ੇਸ਼ ਸਥਾਨ ਬਣਾ ਕੇ ਵਿਚਰਨ ਵਾਲੀ ਸਮਾਜ ਸੇਵੀ ਸੰਸਥਾ,ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੀ ਜੁਲਾਈ ਮਹੀਨੇ ਦੀ ਮਾਸਿਕ ਮੀਟਿੰਗ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਦੀ ਰਹਿਨੁਮਾਈ ਹੇਠ ਵਾਰੀਆ ਪਰਿਵਾਰ ਦੇ ਗ੍ਰਹਿ ਪਿੰਡ ਪਠਲਾਵਾ ਵਿਖੇ ਹੋਈ। ਜਿਸ ਵਿਚ ਸੰਸਥਾ ਦੇ ਪੁਰਸ਼ ਅਤੇ ਮਹਿਲਾ, ਦੋਨਾਂ ਵਿੰਗਾਂ ਦੇ ਲਗਭਗ ਸਾਰੇ ਅਹੁਦੇਦਾਰ ਅਤੇ ਮੈਂਬਰਾਨ ਨੇ ਸ਼ਮੂਲੀਅਤ ਕੀਤੀ। ਦੋ ਘੰਟੇ ਚੱਲੀ ਮੀਟਿੰਗ ਦੀ ਕਾਰਵਾਈ ਦੇ ਵੇਰਵਿਆਂ ਨੂੰ ਪ੍ਰੈਸ ਲਈ ਰਿਲੀਜ਼ ਕਰਦਿਆਂ ਸੰਸਥਾ ਦੇ ਮੁਖੀ ਸ ਇੰਦਰਜੀਤ ਸਿੰਘ ਵਾਰੀਆ, ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਮੁੱਖੀ ਧਾਰਮਿਕ ਵਿੰਗ, ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਉਪ ਚੇਅਰਮੈਨ ਸੰਦੀਪ ਕੁਮਾਰ ਗੌੜ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ, ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਅਤੇ ਡਾ ਸੰਜੀਵ ਕੁਮਾਰ ਐਮਾਂ ਜਟਾਂ ਨੇ ਦੱਸਿਆ ਕਿ ਪੇਂਡੂ ਲੜਕੀਆਂ ਅਤੇ ਔਰਤਾਂ ਲਈ ਚਲਾਏ ਜਾ ਰਹੇ ਮੁਫ਼ਤ ਸਿਲਾਈ ਸੈਂਟਰਾਂ ਦੀ ਸਹੂਲਤ ਨੂੰ ਆਉਣ ਵਾਲੇ ਸਮੇਂ ਵਿੱਚ ਪਹਿਲਾਂ ਵਾਂਗ ਜਾਰੀ ਰੱਖਿਆ ਜਾਵੇਗਾ। ਗਾਜਰ ਬੂਟੀ ਵਰਗੇ ਜ਼ਿਹਰੀਲੇ ਤੇ ਅਲਰਜਕ ਪੌਦਿਆ ਦੇ ਖਾਤਮੇ ਲਈ ਇਕ ਸਾਂਝਾ ਅਭਿਆਨ ਵੱਢਿਆ ਜਾਵੇਗਾ ।ਸੰਸਥਾ ਦੇ ਬੇਹੱਦ ਮਕਬੂਲ ਹੋਏ ਪਰੌਜੈਕਟ ਸਾਂਝੀਆਂ ਛਾਵਾਂ ਦਾ ਵਿਸਥਾਰ ਕਰਦਿਆਂ ਇਹ ਫੈਸਲਾ ਵੀ ਲਿਆ ਗਿਆ ਕਿ ਇਸ ਵਾਰ ਵੀ ਪੰਜ ਫਲਦਾਰ ਬੂਟੇ ਪਿੰਡ ਪਠਲਾਵਾ , ਸੂਰਾਪੁਰ, ਐਮਾਂ ਜਟਾਂ ਅਤੇ ਪੋਸੀ ਦੀਆ ਮੋਟਰਾਂ ਤੇ ਲਗਾਏ ਜਾਣਗੇ। ਇਸ ਤੋਂ ਇਲਾਵਾ ਕੁਝ ਪਿੰਡਾਂ ਵਿਚ ਹਾਈਬ੍ਰਿਡ ਫਲਦਾਰ ਅਤੇ ਛਾਂਦਾਰ ਬੂਟੇ ਜਨਤਕ ਤੌਰ ਤੇ ਵੰਡੇ ਵੀ ਜਾਣਗੇ । ਸਤੀਸ਼ ਕੁਮਾਰ ਐਮਾਂ ਜਟਾਂ ਵਲੋਂ ਆਪਣੇ ਪਿੰਡ ਦੇ ਸ਼ਮਸ਼ਾਨ ਘਾਟ ਨੂੰ ਜਾਂਦੇ ਲਗਭਗ ਪੌਣਾਂ ਕਿਲੋਮੀਟਰ ਰਾਸਤੇ ਤੇ ਬੂਟੇ ਲਗਾਉਣ ਦੀ ਗੱਲ ਕੀਤੀ ਤਾਂ ਸੰਸਥਾ ਵਲੋਂ ਇਹ ਵੀ ਫੈਸਲਾ ਲਿਆ ਕਿ ਇਸ ਕਾਰਜ ਨੂੰ ਵੀ ਕੁਝ ਕੁਝ ਦਿਨਾਂ ਬਾਅਦ ਅਮਲ ਵਿੱਚ ਲਿਆਂਦਾ ਜਾਵੇਗਾ। ਪਿੰਡ ਪਠਲਾਵਾ ਵਿਖੇ ਸਥਾਪਿਤ ਕੀਤੇ ਜਾ ਚੁੱਕੇ ਵਿਰਾਸਤੀ ਜੰਗਲ ਦੇ ਵਿਸਥਾਰ ਲਈ ਵੀ ਕੰਮ ਕੀਤਾ ਜਾਵੇਗਾ। ਪਠਲਾਵਾ ਤੋਂ ਸਰਕਾਰੀ ਹਾਈ ਸਕੂਲ ਪਠਲਾਵਾ -ਮੋਰਾਂਵਾਲੀ ਰੋਡ ਦੀ ਦਿੱਖ ਨੂੰ ਸੁੰਦਰ ਤੇ ਸਜਾਵਟੀ ਬਨਾਉਣ ਲਈ ਵੀ ਢੁਕਵੇਂ ਸਜਾਵਟੀ ਛਾਂਦਾਰ ਅਤੇ ਫੁੱਲਾਂ ਵਾਲੇ ਬੂਟੇ ਲਗਾਏ ਜਾਣਗੇ। ਬਰਸਾਤ ਦੇ ਮੌਸਮ ਵਿਚ ਸੜਕਾਂ ਤੇ ਅਕਸਰ ਪਾਣੀ ਦੇ ਖੜਨ ਨਾਲ ਸੜਕਾਂ ਦੇ ਟੁੱਟਣ ਦਾ ਖ਼ਤਰਾ ਜਲਦੀ ਬਣ ਜਾਦਾ ਹੈ ਤਾਂ ਸੰਸਥਾ ਵਲੋਂ ਇਹ ਵੀ ਅਹਿਦ ਲਿਆ ਗਿਆ ਕਿ ਖੜ੍ਹੇ ਪਾਣੀ ਦੀ ਨਿਕਾਸੀ ਲਈ ਵੀ ਯਤਨ ਕੀਤੇ ਜਾਣਗੇ। ਬਰਸਾਤ ਦੇ ਮੌਸਮ ਵਿਚ ਪੇਟ ਦੀਆਂ ਬਿਮਾਰੀਆਂ ਅਤੇ ਡੇਗੂ ਵਰਗੇ ਖਤਰਿਆਂ ਤੋਂ ਆਮ ਜਨਤਾ ਨੂੰ ਸੁਚੇਤ ਕਰਨ ਲਈ ਵੀ ਪ੍ਰਚਾਰ ਕਰਨ ਦਾ ਸਹਾਰਾ ਲਿਆ ਜਾਵੇਗਾ। ਸਤਲੁਜ ਫਿਲਮ ਵਰਗੇ ਕਰੰਟ ਮੁੱਦੇ ਤੇ ਸਰਬਸੰਮਤੀ ਨਾਲ ਮਤਾ ਪਾਸ ਕਰਦਿਆਂ ਇਹ ਫੈਸਲਾ ਕੀਤਾ ਗਿਆ ਕਿ ਸਰਕਾਰ ਨੂੰ ਇਸ ਫਿਲਮ ਉਪਰ ਲਗਾਈ ਪਾਬੰਦੀ ਨੂੰ ਤੁਰੰਤ ਵਾਪਸ ਲੈਣ ਚਾਹੀਦਾ ਹੈ। ਸੰਸਥਾ ਦੇ ਚੀਫ ਸ ਵਾਰੀਆ ਨੇ ਆਖਿਆ ਕਿ ਆਉਣ ਵਾਲੇ ਸਮੇਂ ਵਿੱਚ ਸੰਸਥਾ ਯੂਨੀਕ ਹੋਮ ਜਲੰਧਰ, ਅਤੇ ਸਭ ਦਾ ਭਲਾ ਚੈਰੀਟੇਬਲ ਹਸਪਤਾਲ ਸ਼ਿਕਾਰ ਮਾਛੀਆ ਡੇਰਾ ਬਾਬਾ ਨਾਨਕ ਜ਼ਿਲਾ ਗੁਰਦਾਸਪੁਰ ਨਾਲ ਮਿਲ ਕੇ ਵੱਧ ਤੋਂ ਵੱਧ ਸਮਾਜ ਸੇਵੀ ਕਾਰਵਾਈਆਂ ਨੂੰ ਅਮਲ ਵਿਚ ਰੱਖਣ ਲਈ ਤਾਲਮੇਲ ਨੂੰ ਹੋਰ ਸੁਚਾਰੂ ਤੇ ਗਤੀਸ਼ੀਲ ਬਣਾਇਆ ਜਾਵੇਗਾ। ਉਹਨਾਂ ਕਿਹਾ ਪਿੰਡ ਪਠਲਾਵਾ ਵਿਚ ਵੀ ਲੜਕੀਆਂ ਦੀ ਮੰਗ ਤੇ ਜਲਦੀ ਸਿਲਾਈ ਸੈਂਟਰ ਖੋਲ੍ਹਿਆ ਜਾਵੇਗਾ।ਇਸ ਮੌਕੇ ਤੇ ਸੰਸਥਾ ਦੇ ਬੁਲਾਰਿਆਂ ਜਿਨਾਂ ਵਿੱਚ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ,ਲੈਕਚਰਾਰ ਤਰਸੇਮ ਪਠਲਾਵਾ,ਮਾਸਟਰ ਤਰਲੋਚਨ ਸਿੰਘ ਪਠਲਾਵਾ, ਡਾਕਟਰ ਸੰਜੀਵ ਕੁਮਾਰ ਐਮਾਂ ਜਟਾਂ, ਸੰਦੀਪ ਕੁਮਾਰ ਗੌੜ, ਪ੍ਰਮਜੀਤ ਸਿੰਘ ਸੂਰਾਪੁਰ ਨੇ ਬੁਹਤ ਹੀ ਮਹੱਤਵਪੂਰਨ ਸਮਾਜ ਸੇਵੀ ਕਾਰਜਾਂ ਨੂੰ ਸੰਸਥਾ ਦੀ ਕਾਰਜਪ੍ਰਣਾਲੀ ਦਾ ਹਿਸਾ ਬਨਾਉਣ ਲਈ ਆਪਣੇ ਵਿਚਾਰਾਂ ਦੀ ਸਾਂਝ ਪਾਈ ਗਈ। ਅੱਜ ਦੀ ਕਾਰਵਾਈ ਨੂੰ ਵਿਧੀਵਤ ਢੰਗ ਨਾਲ ਨੇਪਰੇ ਚੜਾਉਣ ਵਿਚ ਮੰਚ ਸੰਚਾਲਕ ਮਾਸਟਰ ਤਰਲੋਚਨ ਸਿੰਘ ਪਠਲਾਵਾ ਵਲੋਂ ਸਾਰਥਕ ਭੂਮਿਕਾ ਨਿਭਾਈ ਗਈ। ਇਸ ਅਵਸਰ ਤੇ ਹੋਰਨਾਂ ਤੋਂ ਇਲਾਵਾ ਸੰਸਥਾ ਦੇ ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਉਪ ਚੇਅਰਮੈਨ ਸ ਸੇਵਾ ਸਿੰਘ ਪਠਲਾਵਾ, ਸ ਅਮਰਜੀਤ ਸਿੰਘ ਸੂਰਾਪੁਰ,ਪ੍ਰੋ ਚਰਨਜੀਤ ਸਿੰਘ ਪੋਸੀ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ,ਸਤੀਸ਼ ਕੁਮਾਰ ਐਮਾਂ ਜਟਾਂ, ਪ੍ਰੈਸ ਸਕੱਤਰ ਮਾ ਸੁਰਿੰਦਰ ਸਿੰਘ ਕਰਮ, ਜੀ ਚੰਨੀ ਪਠਲਾਵਾ, ਅਜੀਤ ਸਿੰਘ ,ਸੰਦੀਪ ਕੁਮਾਰ ਗੌੜ,ਸਵਰਨ ਸਿੰਘ ਸੂਰਾਪੁਰ ਯੂ ਏ ਈ , ਡਾ ਸੰਜੀਵ ਕੁਮਾਰ ਐਮਾਂ ਜਟਾਂ, ਰਜਿੰਦਰ ਸਿੰਘ ਜਿੰਦਾ, ਰਣਜੀਤ ਸਿੰਘ ਰਾਜੂ, ਪ੍ਰਭਜੋਤ ਸਿੰਘ ਪਠਲਾਵਾ,ਦੀਪ ਚੰਦ ਬਰੇਲੀ, ਬਲਵਿੰਦਰ ਸਿੰਘ ਪਠਲਾਵਾ , ਇਸਤਰੀ ਵਿੰਗ ਦੇ ਚੇਅਰਪਰਸਨ ਸ੍ਰੀਮਤੀ ਕੁਲਵਿੰਦਰ ਕੌਰ ਵਾਰੀਆ, ਸੀਨੀਅਰ ਉਪ ਚੇਅਰਪਰਸਨ ਸ੍ਰੀਮਤੀ ਜਸਵੀਰ ਕੌਰ ਵਾਰੀਆ, ਮੈਡਮ ਲਖਵਿੰਦਰ ਕੌਰ, ਮੈਡਮ ਸਰਬਜੀਤ ਕੌਰ ਪਠਲਾਵਾ, ਮੈਡਮ ਬਲਵਿੰਦਰ ਕੌਰ ਮਹਿਮਾਨ ਮੈਂਬਰ ਵਜੋਂ ਬੀਬਾ ਪ੍ਰਤੀਤ ਕੌਰ ਵਾਰੀਆ ਵੀ ਹਾਜ਼ਰ ਸਨ। **-ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

## ਗੁਰਦੁਆਰਾ ਗੁਰਸਰ ਜਾਮਨੀ ਸਾਹਿਬ ਬਜੀਦਪੁਰ ਵਿਖੇ ਤਿੰਨ ਮੰਜ਼ਿਲਾ ਸਰਾਂ ਮਾਤਾ ਗੁਜਰੀ ਕੌਰ ਜੀ ਨਿਵਾਸ ਦਾ ਨੀਂਹ ਪੱਥਰ ਰੱਖਿਆ ਗਿਆ



ਫ਼ਿਰੋਜ਼ਪੁਰ, 12 ਜੁਲਾਈ (ਮਨੋਹਰ ਲਾਲ) :— ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਬਜੀਦਪੁਰ ਵਿਖੇ ਦੇਸ਼ਾਂ ਵਿਦੇਸ਼ਾਂ ਤੋਂ ਦਰਸ਼ਨਾਂ ਲਈ ਆਉਣ ਵਾਲੀ ਸੰਗਤ ਦੀ ਸਹੂਲਤ ਲਈ ਬਣਾਈ ਜਾਣ ਵਾਲੀ ਨਵੀਂ ਤਿੰਨ ਮੰਜ਼ਿਲਾ ਸਰਾਂ ਮਾਤਾ ਗੁਜਰ ਕੌਰ ਜੀ ਨਿਵਾਸ ਦਾ ਨੀਂਹ ਪੱਥਰ ਮਾਨਯੋਗ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਾਬਾ ਜਗਤਾਰ ਸਿੰਘ ਕਾਰ ਸੇਵਾ ਤਰਨ ਤਾਰਨ ਸਾਹਿਬ ਵਾਲਿਆਂ ਵੱਲੋਂ ਆਪਣੇ ਕਰ ਕਮਲਾਂ ਨਾਲ ਰੱਖਿਆ ਗਿਆ। ਇਸ ਮੌਕੇ ਜਥੇਦਾਰ ਦਰਸ਼ਨ ਸਿੰਘ ਸ਼ੇਰ ਖਾਂ, ਜਥੇਦਾਰ ਸੱਤਪਾਲ ਸਿੰਘ ਤਲਵੰਡੀ ਭਾਈ, ਜਥੇਦਾਰ ਪ੍ਰੀਤਮ ਸਿੰਘ ਮਲਸੀਆਂ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਤੋਂ ਇਲਾਵਾ ਬਾਬਾ ਅਮਰਜੀਤ ਸਿੰਘ ਨਾਨਕਪੁਰਾ ਵਾਲਿਆਂ ਨੇ ਵੀ ਉਚੇਚੇ ਤੌਰ ਤੇ ਹਾਜ਼ਰੀ ਭਰੀ। ਸਮਾਗਮ ਵਿੱਚ ਬਾਬਾ ਗੁਰਮੇਲ ਸਿੰਘ (ਕਾਰ ਸੇਵਾ ਗੁਰਦੁਆਰਾ ਜਾਮਨੀ ਸਾਹਿਬ), ਅਵਤਾਰ ਸਿੰਘ ਲੋਧਰਾਂ, ਪ੍ਰਤਾਪ ਸਿੰਘ ਲੱਖੋ ਕੇ ਬਹਿਰਾਮ ਅਤੇ ਸੁਖਜੀਤ ਸਿੰਘ ਕੜਮਾ ਵੀ ਮੌਜੂਦ ਸਨ। ਸਮਾਗਮ ਦੀ ਆਰੰਭਤਾ ਭਾਈ ਲਖਵਿੰਦਰ ਸਿੰਘ ਇੰਚਾਰਜ ਵੱਲੋਂ ਅਰਦਾਸ ਬੇਨਤੀ ਨਾਲ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਹਾਜ਼ਰੀ ਭਰੀ ਅਤੇ ਤਨ ਮਨ ਧਨ ਨਾਲ ਇਸ ਮਹਾਨ ਸੇਵਾ ਕਾਰਜ ਵਿੱਚ ਆਪਣਾ ਯੋਗਦਾਨ ਪਾਇਆ। ਆਗੂਆਂ ਨੇ ਦੱਸਿਆ ਕਿ ਸਰਾਂ ਦਾ ਨਿਰਮਾਣ ਸਮੂਹ ਸੰਗਤ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ, ਜਿਸ ਨਾਲ ਭਵਿੱਖ ਵਿੱਚ ਦੇਸ਼ਾਂ ਵਿਦੇਸ਼ਾਂ ਤੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਬਿਹਤਰ ਰਿਹਾਇਸ਼ੀ ਸਹੂਲਤਾਂ ਪ੍ਰਾਪਤ ਹੋਣਗੀਆਂ। ਇਸ ਮੌਕੇ ਸਮੂਹ ਸੰਗਤ ਲਈ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਤੇਜਬੀਰ ਸਿੰਘ ਮਲਸੀਆਂ ਮੈਨੇਜਰ ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਬਜੀਦਪੁਰ ਵੱਲੋਂ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਅਤੇ ਸਮਾਗਮ ਵਿੱਚ ਪਹੁੰਚੀ ਸਮੂਹ ਸੰਗਤ ਦਾ ਧੰਨਵਾਦ ਕੀਤਾ।

## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 1 ਤੋਂ 7 ਅਗਸਤ ਤੱਕ ਮਹਾਨ ਗੁਰਮਤਿ ਸਮਾਗਮ, 7 ਅਗਸਤ ਨੂੰ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਕਥਾ ਕਰਨਗੇ- ਜਥੇਦਾਰ ਭਾਈ ਸੁਖਦੇਵ ਸਿੰਘ

ਫਿਰੋਜ਼ਪੁਰ 12 ਜੁਲਾਈ (ਮਨੋਹਰ ਲਾਲ): ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਅੱਜ ਨਤਮਸਤਕ ਹੋਣ ਉਪਰੰਤ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਅਨੰਦਪੁਰ ਵਾਲਿਆਂ ਨੇ ਜਾਣਕਾਰੀ ਦਿੱਤੀ ਕਿ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 1 ਅਗਸਤ ਤੋਂ 7 ਅਗਸਤ ਤੱਕ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਹੇ ਹਨ।ਉਨ੍ਹਾਂ ਵਿਸਥਾਰ ਨਾਲ ਦੱਸਿਆ ਕਿ ਸਮਾਗਮ ਦੌਰਾਨ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਦੇ ਮਾਨਯੋਗ ਕਥਾਵਾਚਕ ਅਤੇ ਰਾਗੀ ਸਾਹਿਬਾਨ ਗੁਰਬਾਣੀ ਕਥਾ-ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਜਥੇਦਾਰ ਬਾਬਾ ਸੁਖਦੇਵ ਸਿੰਘ ਨੇ ਦੱਸਿਆ ਕਿ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਸੇਵਕ ਜਥਾ ਦੇ ਵਿਸਥਾਰ ਲਈ ਇਸ ਇਲਾਕੇ ਵਿੱਚ ਵੀ ਮੀਟਿੰਗ ਕਰਕੇ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਕੀਤੀ ਗਈ ਹੈ। ਉਨ੍ਹਾਂ ਸਮੂਹ ਸਾਧ ਸੰਗਤ ਨੂੰ ਇਸ ਮਹਾਨ ਗੁਰਮਤਿ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ 1 ਤੋਂ 6 ਅਗਸਤ ਤੱਕ ਰੋਜ਼ਾਨਾ ਦਮਦਮੀ ਟਕਸਾਲ ਦੇ ਕਥਾਵਾਚਕ ਅਤੇ ਰਾਗੀ ਜਥੇ ਗੁਰਬਾਣੀ ਕਥਾ-ਕੀਰਤਨ ਰਾਹੀਂ ਤਖਤ ਸਾਹਿਬ ਹਾਜਰੀ ਭਰਨਗੇ, ਜਦਕਿ 7 ਅਗਸਤ ਨੂੰ ਹੋਣ ਵਾਲੇ ਮੁੱਖ ਸਮਾਗਮ ਦੌਰਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਜੀ ਭਿੰਡਰਾਂ ਵਾਲੇ ਗੁਰਬਾਣੀ ਦੀ ਕਥਾ ਵਿਚਾਰ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਅੰਤ ਵਿੱਚ ਜਥੇਦਾਰ ਭਾਈ ਸੁਖਦੇਵ ਸਿੰਘ ਨੇ ਅੱਜ ਪੁੱਜੀਆਂ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਵੱਧ ਤੋਂ ਵੱਧ ਗਿਣਤੀ ਵਿੱਚ 1 ਤੋਂ 7 ਅਗਸਤ ਤੱਕ ਹੋਣ ਵਾਲੇ ਇਸ ਮਹਾਨ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰਨ ਦੀ ਅਪੀਲ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਰਾਜਾ ਵੜਿੰਗ ਵੱਲੋਂ 'ਸਿਰ 'ਤੇ ਜੁੱਤੀ ਰੱਖਣ' ਵਾਲਾ ਬਿਆਨ ਦਸਤਾਰ ਅਤੇ ਸਿੱਖ ਮਰਯਾਦਾ ਦਾ ਘੋਰ ਅਪਮਾਨ

# ਬਿਨਾਂ ਸ਼ਰਤ ਮੁਆਫ਼ੀ ਮੰਗੇ ਕਾਂਗਰਸ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ 'ਤੇ ਤਿੱਖਾ ਹਮਲਾ ਬੋਲਦਿਆਂ ਉਨ੍ਹਾਂ ਵੱਲੋਂ ਨਾਰਾਜ਼ ਕਾਂਗਰਸੀਆਂ ਨੂੰ ਮਨਾਉਣ ਲਈ "ਸਿਰ 'ਤੇ ਜੁੱਤੀਆਂ ਰੱਖਣ" ਤੱਕ ਦੀ ਕਵਾਇਦ ਨੂੰ ਸਿੱਖ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਉਣ ਵਾਲਾ, ਦਸਤਾਰ ਦੀ ਨਿਰਾਦਰੀ ਕਰਨ ਵਾਲਾ ਅਤੇ ਸਿੱਖ ਮਰਯਾਦਾ ਦਾ ਘੋਰ ਅਪਮਾਨ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਨੂੰ ਨਾਨਕ ਨਾਮ ਲੇਵਾ ਸੰਗਤਾਂ ਅਤੇ ਸਮੁੱਚੇ ਸਿੱਖ ਪੰਥ ਤੋਂ ਤੁਰੰਤ ਮੁਆਫ਼ੀ ਮੰਗਣੀ ਚਾਹੀਦੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਕੋਈ ਸਧਾਰਨ ਜ਼ੁਬਾਨ ਫਿਸਲਣ ਨਹੀਂ, ਸਗੋਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਦਸਤਾਰ ਦੀ ਪਵਿੱਤਰਤਾ ਪ੍ਰਤੀ ਕਾਂਗਰਸ ਦੀ ਮਾਨਸਿਕਤਾ ਦਾ ਪ੍ਰਗਟਾਵਾ ਹੈ। ਦਸਤਾਰ ਸਿੱਖ ਲਈ ਜਾਨ ਤੋਂ ਵੀ ਵੱਧ ਪਿਆਰੀ ਹੈ ਅਤੇ ਇਸ ਦੀ ਬੇਅਦਬੀ ਨੂੰ ਸਿੱਖ ਕੌਮ ਕਦੇ ਵੀ ਹਲਕੇ ਵਿੱਚ ਨਹੀਂ ਲੈਂਦੀ। ਜੋ ਲੋਕ ਸਿੱਖਾਂ ਦੇ ਵੋਟ ਤਾਂ ਚਾਹੁੰਦੇ ਹਨ ਪਰ ਸਿੱਖ ਪਛਾਣ ਅਤੇ ਮਰਯਾਦਾ ਦਾ ਸਤਿਕਾਰ ਨਹੀਂ ਕਰ ਸਕਦੇ, ਉਨ੍ਹਾਂ ਨੂੰ ਪੰਜਾਬ ਦੀ ਨੁਮਾਇੰਦਗੀ ਕਰਨ ਦਾ ਕੋਈ ਨੈਤਿਕ ਅਧਿਕਾਰ ਨਹੀਂ।

ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਖ਼ੁਦ ਦਸਤਾਰ ਸਜਾਉਂਦੇ ਹਨ। ਅਜਿਹੇ ਵਿੱਚ "ਸਿਰ 'ਤੇ ਜੁੱਤੀ ਰੱਖਣ" ਦਾ ਸਿੱਧਾ ਅਰਥ ਦਸਤਾਰ ਉੱਤੇ ਜੁੱਤੀ ਰੱਖਣ ਨਾਲ ਜੁੜਦਾ ਹੈ, ਜੋ ਸਿੱਖ ਧਰਮ ਦੀਆਂ ਉੱਚੀਆਂ ਤੇ ਸੁਚੀਆਂ ਮਰਿਆਦਾਵਾਂ ਅਤੇ ਸਿੱਖ ਕੌਮ ਦੀਆਂ ਭਾਵਨਾਵਾਂ ਦੇ ਉਲਟ ਹੈ। ਸਿੱਖਾਂ ਨੇ ਆਪਣੇ ਸਿਰ ਵਾਰ ਕੇ ਸਰਦਾਰੀਆਂ ਹਾਸਲ ਕੀਤੀਆਂ ਹਨ। ਦਸਤਾਰ ਸਿੱਖ ਦੀ ਸ਼ਾਨ, ਸਵੈਮਾਨ, ਵਿਲੱਖਣ ਪਛਾਣ ਅਤੇ ਸਰਦਾਰੀ ਦਾ ਪ੍ਰਤੀਕ ਹੈ। ਦਸਤਾਰ ਸਿਖ ਲਈ ਜਿਥੇ ਜ਼ਿੰਮੇਵਾਰੀ ਹੈ ਉਥੇ ਹੀ ਮਜ਼ਲੂਮਾਂ ਲਈ ਭਰੋਸੇ ਦੀ ਨਿਸ਼ਾਨੀ ਹੈ। ਦਸਤਾਰ ਕੇਸਾਂ ਦੀ ਸੰਭਾਲ ਲਈ ਸਜਾਈ ਜਾਂਦੀ ਹੈ ਅਤੇ ਕੇਸ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਪੰਜ ਕਕਾਰਾਂ ਵਿੱਚੋਂ ਇੱਕ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਜੇਕਰ ਰਾਜਾ ਵੜਿੰਗ ਨਾਰਾਜ਼ ਕਾਂਗਰਸੀਆਂ ਨੂੰ ਮਨਾਉਣ ਲਈ ਇੰਨੇ ਹੀ ਉਤਾਵਲੇ ਹਨ ਤਾਂ ਉਹ ਪਤਿਤ ਹੋਣ ਕਰਕੇ ਬਿਨਾਂ ਦਸਤਾਰ ਧਾਰਨ ਕੀਤੇ ਉਨ੍ਹਾਂ ਕੋਲ ਜਾ ਸਕਦੇ ਹਨ, ਭਾਵੇਂ ਆਪਣੇ ਸਿਰ ਉੱਤੇ ਜੁੱਤੀਆਂ, ਛਿੱਤਰ ਜਾਂ ਖੇਹ ਹੀ ਪਾ ਕੇ ਕਿਉਂ ਨਾ ਜਾਣ; ਇਸ ਨਾਲ ਸਿੱਖ ਕੌਮ ਨੂੰ ਕੋਈ ਇਤਰਾਜ਼ ਨਹੀਂ ਹੋਵੇਗਾ। ਪਰ ਦਸਤਾਰ ਸਜਾ ਕੇ ਉਸ ਨੂੰ ਜੁੱਤੀ ਜਾਂ ਛਿੱਤਰ ਨਾਲ ਜੋੜਨਾ ਸਿੱਖਾਂ ਦੀ ਪਵਿੱਤਰ ਦਸਤਾਰ ਅਤੇ ਸਿੱਖ ਮਰਯਾਦਾ ਦਾ ਅਪਮਾਨ ਹੈ, ਜਿਸ ਦਾ ਕਿਸੇ ਨੂੰ ਵੀ ਹੱਕ ਨਹੀਂ।

ਉਨ੍ਹਾਂ ਕਿਹਾ ਕਿ ਕੇਵਲ ਸਿਰ 'ਤੇ ਦਸਤਾਰ ਸਜਾ ਲੈਣ ਨਾਲ ਕੋਈ ਸਿੱਖ ਨਹੀਂ ਬਣ ਜਾਂਦਾ, ਸਗੋਂ ਦਸਤਾਰ ਦੀ ਮਹੱਤਤਾ ਨੂੰ ਸਮਝਣਾ, ਉਸ ਦਾ ਸਤਿਕਾਰ ਕਰਨਾ ਅਤੇ ਉਸ ਦੀ ਮਰਿਆਦਾ ਨੂੰ ਕਾਇਮ ਰੱਖਣਾ ਵੀ ਉਤਨਾ ਹੀ ਜ਼ਰੂਰੀ ਹੈ। ਜੇਕਰ ਰਾਜਾ ਵੜਿੰਗ ਦਸਤਾਰ ਦੀ ਰੂਹ ਅਤੇ ਉਸ ਦੀ ਮਹਾਨਤਾ ਨੂੰ ਸਮਝਦੇ ਹੁੰਦੇ ਤਾਂ ਅਜਿਹਾ ਗੈਰ-ਜ਼ਿੰਮੇਵਾਰ ਅਤੇ ਅਸੰਵੇਦਨਸ਼ੀਲ ਬਿਆਨ ਕਦੇ ਨਾ ਦਿੰਦੇ।

ਪ੍ਰੋ. ਖਿਆਲਾ ਨੇ ਕਿਹਾ ਕਿ ਕਾਂਗਰਸ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਕੀ ਇਹ ਰਾਜਾ ਵੜਿੰਗ ਦੀ ਨਿੱਜੀ ਸੋਚ ਹੈ ਜਾਂ ਕਾਂਗਰਸ ਪਾਰਟੀ ਦੀ ਅਧਿਕਾਰਤ ਸੋਚ। ਜੇਕਰ ਕਾਂਗਰਸ ਇਸ ਬਿਆਨ ਤੋਂ ਆਪਣੇ ਆਪ ਨੂੰ ਵੱਖ ਨਹੀਂ ਕਰਦੀ ਅਤੇ ਰਾਜਾ ਵੜਿੰਗ ਵਿਰੁੱਧ ਕਾਰਵਾਈ ਨਹੀਂ ਕਰਦੀ ਤਾਂ ਇਹ ਮੰਨਿਆ ਜਾਵੇਗਾ ਕਿ ਕਾਂਗਰਸ ਅੱਜ ਵੀ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਅਤੇ ਸਿੱਖ ਪਛਾਣ ਦਾ ਅਪਮਾਨ ਕਰਨ ਦੀ ਆਪਣੀ ਪੁਰਾਣੀ ਰਾਜਨੀਤੀ ਤੋਂ ਬਾਹਰ ਨਹੀਂ ਨਿਕਲੀ।

> **ਕਾਂਗਰਸ ਅੱਜ ਵੀ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਅਤੇ ਸਿੱਖ ਪਛਾਣ ਦਾ ਅਪਮਾਨ ਕਰਨ ਦੀ ਆਪਣੀ ਪੁਰਾਣੀ ਰਾਜਨੀਤੀ ਤੋਂ ਬਾਹਰ ਨਹੀਂ ਨਿਕਲੀ**

ਉਨ੍ਹਾਂ ਨੇ ਕਾਂਗਰਸ ਆਗੂ ਰਾਹੁਲ ਗਾਂਧੀ ਨੂੰ ਵੀ ਸਵਾਲ ਕੀਤਾ ਕਿ ਵਿਦੇਸ਼ਾਂ ਵਿੱਚ ਸਿੱਖਾਂ ਦੇ ਅਧਿਕਾਰਾਂ ਅਤੇ ਦਸਤਾਰ ਦੀ ਆਜ਼ਾਦੀ ਦਾ ਮੁੱਦਾ ਚੁੱਕਣ ਵਾਲੇ ਹੁਣ ਆਪਣੀ ਹੀ ਪਾਰਟੀ ਦੇ ਪੰਜਾਬ ਪ੍ਰਧਾਨ ਵੱਲੋਂ ਦਸਤਾਰ ਦੀ ਨਿਰਾਦਰੀ 'ਤੇ ਚੁੱਪ ਕਿਉਂ ਹਨ? ਕੀ ਰਾਜਾ ਵੜਿੰਗ ਤੋਂ ਜਵਾਬ-ਤਲਬੀ ਹੋਵੇਗੀ ਅਤੇ ਕੀ ਉਨ੍ਹਾਂ ਨੂੰ ਪ੍ਰਧਾਨਗੀ ਦੇ ਅਹੁਦੇ ਤੋਂ ਹਟਾਇਆ ਜਾਵੇਗਾ?

ਪ੍ਰੋ. ਖਿਆਲਾ ਨੇ ਕਿਹਾ ਕਿ 1984 ਦਾ ਸਿੱਖ ਕਤਲੇਆਮ, ਦਰਬਾਰ ਸਾਹਿਬ 'ਤੇ ਹਮਲਾ ਅਤੇ ਸਿੱਖ ਭਾਵਨਾਵਾਂ ਦੀ ਲਗਾਤਾਰ ਅਣਦੇਖੀ ਦਾ ਕਾਂਗਰਸ ਦਾ ਇਤਿਹਾਸ ਅੱਜ ਵੀ ਸਿੱਖ ਕੌਮ ਦੇ ਜ਼ਖ਼ਮਾਂ ਨੂੰ ਹਰਾ ਕਰਦਾ ਹੈ। ਅਜਿਹੇ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਵੱਲੋਂ ਦਸਤਾਰ ਦੀ ਨਿਰਾਦਰੀ ਕਰਨ ਵਾਲਾ ਬਿਆਨ ਬਹੁਤ ਗੰਭੀਰ ਅਤੇ ਨਿੰਦਣਯੋਗ ਹੈ।

ਉਨ੍ਹਾਂ ਕਿਹਾ ਕਿ ਸਿੱਖ ਕੌਮ ਆਪਣੀ ਦਸਤਾਰ, ਆਪਣੀ ਪਛਾਣ ਅਤੇ ਆਪਣੇ ਗੁਰੂਆਂ ਦੀ ਬਖ਼ਸ਼ਿਸ਼ ਦਾ ਅਪਮਾਨ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕਰੇਗੀ। ਕਾਂਗਰਸ ਨੂੰ ਸਿੱਖ ਭਾਵਨਾਵਾਂ ਨਾਲ ਖਿਲਵਾੜ ਕਰਨ ਦੀ ਆਦਤ ਤੋਂ ਬਾਜ਼ ਆਉਣਾ ਚਾਹੀਦਾ ਹੈ ਅਤੇ ਰਾਜਾ ਵੜਿੰਗ ਨੂੰ ਤੁਰੰਤ ਆਪਣਾ ਬਿਆਨ ਵਾਪਸ ਲੈ ਕੇ ਸਮੁੱਚੀ ਸਿੱਖ ਕੌਮ ਤੋਂ ਬਿਨਾਂ ਸ਼ਰਤ ਮੁਆਫ਼ੀ ਮੰਗਣੀ ਚਾਹੀਦੀ ਹੈ।

## 'ਲੋਕ ਮਿਲਣੀ' ਪ੍ਰੋਗਰਾਮਾਂ ਰਾਹੀਂ ਸਰਕਾਰ ਅਤੇ

# ਲੋਕਾਂ ਵਿਚਕਾਰ ਮਜ਼ਬੂਤ ਹੋ ਰਿਹਾ ਹੈ ਸਿੱਧਾ ਸੰਵਾਦ: ਦਲਵੀਰ ਸਿੰਘ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡ ਕਾਂਝਲਾ ਦੇ ਸਟੇਟ ਬੈਂਕ ਵਾਲੇ ਪਾਰਕ ਵਿਚ ਸਮਾਜ ਸੇਵੀ ਆਪ ਆਗੂ ਪਰਮਜੀਤ ਸਿੰਘ ਕਾਂਝਲਾ, ਚੇਅਰਮੈਨ ਰਣਜੋਧ ਸਿੰਘ ਕਾਂਝਲਾ ਅਤੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਦੀ ਅਗਵਾਈ ਹੇਠ ਲੋਕ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮੰਤਰੀ ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਵਿਸ਼ੇਸ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਪਿੰਡ ਕਾਂਝਲਾ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ-ਪੱਖੀ ਸ਼ਾਸਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ 'ਲੋਕ ਮਿਲਣੀ' ਪ੍ਰੋਗਰਾਮ ਲਗਾਤਾਰ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਦਾ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸੁਣ ਕੇ ਉਨ੍ਹਾਂ ਦਾ ਤੁਰੰਤ ਅਤੇ ਪਾਰਦਰਸ਼ੀ ਹੱਲ ਯਕੀਨੀ ਬਣਾਉਣਾ ਹੈ। ਚੇਅਰਮੈਨ ਨੇ ਕਿਹਾ ਕਿ ਸਰਕਾਰ ਹਰ ਵਰਗ ਦੀ ਭਲਾਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਲਾਕੇ ਦੇ ਵਿਕਾਸ ਅਤੇ ਭਲਾਈ ਸਬੰਧੀ ਸੁਝਾਅ ਵੀ ਸਰਕਾਰ ਤੱਕ ਪਹੁੰਚਾਉਣ ਤਾਂ ਜੋ ਲੋਕ ਭਾਗੀਦਾਰੀ ਨਾਲ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੱਤੀ ਜਾ ਸਕੇ। ਇਸ ਮੌਕੇ ਪਿੰਡ ਵਾਸੀਆਂ ਨੇ ਆਪਣੀਆਂ ਮੰਗਾਂ ਅਤੇ ਸਮੱਸਿਆਵਾਂ ਚੇਅਰਮੈਨ ਦੇ ਧਿਆਨ ਵਿੱਚ ਲਿਆਂਦੀਆਂ ਅਤੇ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਉਨ੍ਹਾਂ ਦੇ ਦਰ 'ਤੇ ਸੁਣਨ ਲਈ ਸ਼ੁਰੂ ਕੀਤੇ ਗਏ 'ਲੋਕ ਮਿਲਣੀ' ਪ੍ਰੋਗਰਾਮ ਦੀ ਸ਼ਲਾਘਾ ਕੀਤੀ। ਇਸ ਮੌਕੇ ਅਨਿਲ ਮਿੱਤਲ ਡਾਇਰੈਕਟਰ, ਐਡਵੋਕੇਟ ਹੈਪੀ ਗਰਗ, ਟਰੇਡ ਕਮਿਸ਼ਨ ਦੇ ਮੈਂਬਰ ਬਸੰਤ ਕਾਂਝਲਾ, ਬਾਪੂ ਗੁਰਨਾਮ ਸਿੰਘ ਸਾਬਕਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ, ਆਪ ਆਗੂ ਗੁਰਜੀਤ ਸਿੰਘ ਕਾਂਝਲਾਂ, ਨਪਿੰਦਰ ਸਿੰਘ ਕਾਂਝਲਾ, ਨਿਰਭੈ ਸਿੰਘ, ਮੱਖਣ ਕਾਂਝਲਾ, ਨੰਬਰਦਾਰ ਜਸਪਾਲ ਸਿੰਘ ਕਾਂਝਲਾ, ਮਾਸਟਰ ਬਿੱਕਰ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੀ ਕਿਸਾਨੀ ਮੁੱਦਿਆਂ ਨੂੰ ਲੈ ਕੇ ਗੁਰਦੁਆਰਾ ਕਰਹਾਲੀ ਸਾਹਿਬ ਵਿਖੇ ਹੋਈ ਮੀਟਿੰਗ



ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ (ਸਰਦਾਰ ਦਲਵੀਰ ਸਿੰਘ ਸਿੱਧੂਪੁਰ) ਦੀ ਅੱਜ ਬਲਾਕ ਸਮਾਣਾ ਦੀ ਮੀਟਿੰਗ ਗੁਰਦੁਆਰਾ ਕਰਹਾਲੀ ਸਾਹਿਬ ਵਿਖੇ ਬਲਾਕ ਪ੍ਰਧਾਨ ਕਰਮਜੀਤ ਸਿੰਘ ਕਕਰਾਲਾ ਦੀ ਅਗਵਾਈ ਹੇਠ ਹੋਈ ਇਸ ਮੌਕੇ ਸੂਬਾ ਸੀਨੀਅਰ ਮੀਤ ਪ੍ਰਧਾਨ ਜ਼ੋਰਾਵਰ ਸਿੰਘ ਬਲਬੇੜਾ ਮੌਜੂਦ ਰਹੇ ਅੱਜ ਦੀ ਮੀਟਿੰਗ ਵਿੱਚ ਜੋ ਪੰਜਾਬ ਸਰਕਾਰ ਲੈਂਡ ਪੋਲਿਸੀ ਲੈਕੇ ਆ ਰਹੀ ਹੈ ਓਸ ਤੇ ਵਿਚਾਰ ਚਰਚਾ ਕੀਤੀ ਅਤੇ ਉਸ ਦਾ ਡਟ ਕੇ ਵਿਰੋਧ ਕਰਨ ਦਾ ਫੈਸਲਾ ਕੀਤਾ ਤੇ ਜੋ ਭਾਰਤ ਅਤੇ ਅਮਰੀਕਾ ਵਿਚਕਾਰ ਫਰੀ ਟਰੇਡ ਸਮਝੋਤਾ ਕਰਨ ਬਾਰੇ ਸਰਕਾਰ ਤਿਆਰ ਹੈ ਓਸ ਦਾ ਵੀ ਪੂਰਨ ਤੌਰ ਤੇ ਬਾਈਕਾਟ ਕਰਕੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਇਹ ਸਮਝੋਤਾ ਵਾਪਿਸ ਲਿਆ ਜਾਵੇ ਅਤੇ ਕਿਸਾਨਾ ਨੂੰ ਡੀ ਏ ਪੀ ਖਾਦ ਦੀ ਹਰ ਵਾਰ ਬਹੁਤ ਪਰੇਸਾਨੀ ਆਉਂਦੀ ਹੈ ਇਸ ਮੁੱਦੇ ਨੂੰ ਵੀ ਸਰਕਾਰ ਦੇ ਧਿਆਨ ਚ ਲਿਆ ਕੇ ਸਰਕਾਰ ਅੱਗੇ ਮੰਗ ਰੱਖੀ ਕਿ ਡੀ ਏ ਪੀ ਖਾਦ ਦੀ ਮੁਸਕਿਲ ਨੂੰ ਵੀ ਹੱਲ ਕੀਤਾ ਜਾਵੇ ਅੱਜ ਦੀ ਮੀਟਿੰਗ ਵਿੱਚ ਜਿਲ੍ਹਾ ਪਟਿਆਲਾ ਜਰਨਲ ਸਕੱਤਰ ਸਰਦਾਰ ਮਨਿੰਦਰ ਸਿੰਘ ਬੱਤੀ ਸੀਨੀਅਰ ਕਿਸਾਨ ਆਗੂ ਸਰਦਾਰ ਪ੍ਰੇਮ ਸਿੰਘ ਭੈਣੀ ਸਰਦਾਰ ਬੰਤ ਸਿੰਘ ਬਲਬੇੜਾ, ਸਰਦਾਰ ਕਰਮਜੀਤ ਸਿੰਘ ਕਕਰਾਲਾ, ਸਰਦਾਰ ਬਲਕਾਰ ਸਿੰਘ, ਸਰਦਾਰ ਜਸਵੀਰ ਸਿੰਘ, ਸਰਦਾਰ ਯਾਦਵਿੰਦਰ ਸਿੰਘ ਸਰਦਾਰ ਰਣਜੀਤ ਸਿੰਘ ਕਰਹਾਲੀ, ਸਰਦਾਰ ਹਰਪਾਲ ਸਿੰਘ ਕਰਹਾਲੀ, ਜਸਵਿੰਦਰ ਸਿੰਘ ਕਰਹਾਲੀ, ਸਰਦਾਰ ਗੁਰਮੇਲ ਸਿੰਘ ਕਰਹਾਲੀ ਸਾਰੇ ਸਮਾਣਾ ਬਲਾਕ ਦੇ ਕਿਸਾਨ ਆਗੂ ਮੌਜੂਦ ਰਹੇ।

# ਐੱਸ.ਆਈ.ਆਰ.: ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ, ਵੱਡੀ ਗਿਣਤੀ ਵੋਟਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ



**ਸੰਗਰਰ ( ਰਣਜੀਤ ਸਿੰਘ ਪੇਧਨੀ )**-ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) 2026 ਤਹਿਤ ਜ਼ਿਲ੍ਹਾ ਸੰਗਰੂਰ ਦੇ ਅਧੀਨ ਆਉਂਦੇ 05 ਵਿਧਾਨ ਸਭਾ ਚੋਣ ਹਲਕਿਆਂ 099-ਲਹਿਰਾ, 100-ਦਿੜ੍ਹਬਾ, 101-ਸੁਨਾਮ, 107-ਧੂਰੀ ਅਤੇ 108-ਸੰਗਰੂਰ ਦੇ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਮਿਤੀ 11 ਅਤੇ 12 ਜੁਲਾਈ, 2026 ਨੂੰ ਸਵੇਰੇ 08:00 ਵਜੇ ਤੋਂ ਦੁਪਹਿਰ 03:00 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਗਏ। ਵਿਸ਼ੇਸ ਕੈਂਪਾਂ ਨੂੰ ਵੋਟਰਾਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ। ਇਹਨਾਂ ਕੈਂਪਾਂ ਦੌਰਾਨ ਸਮੂਹ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ) ਵੱਲੋਂ ਆਪਣੇ ਸਬੰਧਤ ਪੋਲਿੰਗ ਬੂਥ 'ਤੇ ਨਿੱਜੀ ਤੌਰ 'ਤੇ ਹਾਜ਼ਰ ਰਹਿ ਕੇ ਯੋਗ ਵੋਟਰ ਪਾਸੋਂ ਉਹਨਾਂ ਦੇ ਐਨਿਊਮਰੇਸ਼ਨ ਫਾਰਮ ਪ੍ਰਾਪਤ ਕੀਤੇ ਗਏ ਅਤੇ ਜਮ੍ਹਾਂ ਕਰਵਾਏ ਗਏ ਫਾਰਮਾਂ ਦੀ ਬੀ.ਐਲ.ਓ. ਐਪ ਵਿੱਚ ਡਿਜੀਟਾਈਜ਼ੇਸ਼ਨ ਦਾ ਕੰਮ ਵੀ ਕੀਤਾ ਗਿਆ। ਇਹਨਾਂ ਕੈਂਪਾਂ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੇ ਵੋਟਰਾਂ ਨੇ ਇਸ ਪ੍ਰਕਿਰਿਆ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਨੇ ਦੱਸਿਆ ਕਿ ਜਿਨ੍ਹਾਂ ਬੂਥਾਂ 'ਤੇ ਫਾਰਮਾਂ ਦੀ ਡਿਜੀਟਾਈਜ਼ੇਸ਼ਨ ਬਾਕੀ ਹੈ, ਉੱਥੇ ਇਕੱਤਰ ਕੀਤੇ ਗਏ ਫਾਰਮਾਂ ਨੂੰ ਤੁਰੰਤ ਡਿਜੀਟਾਈਜ਼ ਕਰਨ ਦੇ ਨਾਲ-ਨਾਲ ਬਾਕੀ ਰਹਿੰਦੇ ਫਾਰਮ ਵੀ ਇਕੱਤਰ ਕੀਤੇ ਗਏ। ਘੱਟ ਪ੍ਰਤੀਸ਼ਤਤਾ ਵਾਲੇ ਬੂਥਾਂ 'ਤੇ ਫਾਰਮਾਂ ਦੀ ਇਕੱਤਰਤਾ ਅਤੇ ਡਿਜੀਟਾਈਜ਼ੇਸ਼ਨ ਦਾ ਕੰਮ ਇੱਕੋ ਸਮੇਂ ਚਲਾਇਆ ਗਿਆ। ਜ਼ਿਲ੍ਹਾ ਚੋਣ ਅਫ਼ਸਰ ਨੇ ਵਿਸ਼ੇਸ਼ ਕੈਂਪਾਂ ਨੂੰ ਸਫਲ ਬਣਾਉਣ ਲਈ ਹੋਰ ਸਬੰਧਤ ਵਿਭਾਗਾਂ, ਸਕੂਲਾਂ ਦੇ ਸਟਾਫ਼, ਮਾਲ ਵਿਭਾਗ ਦੇ ਪਟਵਾਰੀਆਂ, ਆਂਗਣਵਾੜੀ ਵਰਕਰਾਂ, ਸ਼ਹਿਰੀ ਖੇਤਰਾਂ ਵਿੱਚ ਨਗਰ ਕੌਂਸਲਾਂ ਦੇ ਕਰਮਚਾਰੀਆਂ ਅਤੇ ਏ.ਐੱਲ.ਐੱਮ.ਟੀਜ਼./ਡੀ.ਐੱਲ.ਐੱਮ.ਟੀਜ਼./ਬੀ.ਐੱਲ.ਓ.ਸੁਪਰਵਾਈਜ਼ਰਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ।

# ਅਮਰੀਕਾ ਭਾਰਤ ਟ੍ਰੇਡ ਸੰਧੀ ਕਿਸਾਨਾਂ ਮਜ਼ਦੂਰਾਂ ਤੇ ਵਪਾਰੀਆਂ ਨੂੰ ਤਬਾਹ ਕਰੇਗੀ , ਇਸ ਵਿਰੁੱਧ 22 ਨੂੰ ਟੋਲ ਪਲਾਜੇ ਫਰੀ - ਕਿਸਾਨ ਸਭਾ

**ਤਰਨ ਤਾਰਨ , 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਸਰਕਾਰ ਨੂੰ ਅਮਰੀਕਾ ਨਾਲ ਟ੍ਰੇਡ ਸੰਧੀ ਕਰਨ ਤੋਂ ਬਾਜ਼ ਆਉਣਾ ਚਾਹੀਦਾ ਹੈ। ਇਸ ਨਾਲ ਭਾਰਤੀ ਕਿਸਾਨ, ਮਜ਼ਦੂਰ ਅਤੇ ਛੋਟੇ ਕਾਰੋਬਾਰੀਆਂ ਦਾ ਵੱਡਾ ਨੁਕਸਾਨ ਹੋਵੇਗਾ। ਇਸ ਸੰਭਾਵਿਤ ਸਮਝੌਤੇ ਵਿਰੁੱਧ ਸਯੁੰਕਤ ਕਿਸਾਨ ਮੋਰਚਾ ਦੇ ਸੱਦੇ ਤੇ 22 ਜੁਲਾਈ ਨੂੰ ਪੰਜਾਬ ਦੇ ਸਾਰੇ ਟੋਲ ਪਲਾਜੇ ਤਿੰਨ ਘੰਟਿਆਂ ਲਈ ਫਰੀ ਕੀਤੇ ਜਾਣਗੇ ਅਤੇ ਬੀ ਜੇ ਪੀ ਆਗੂਆਂ ਦੇ ਘਰਾਂ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਹਨਾਂ ਐਕਸ਼ਨਾਂ ਦੀ ਕਾਮਯਾਬੀ ਸਬੰਧੀ ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾਈ ਕੌਂਸਲ ਮੀਟਿੰਗ ਬਲਦੇਵ ਸਿੰਘ ਨਿਹਾਲਗੜ੍ਹ ਦੀ ਪ੍ਰਧਾਨਗੀ ਹੇਠ ਈਸੜੂ ਭਵਨ ਲੁਧਿਆਣਾ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਤਰਨ ਤਾਰਨ ਤੋਂ ਜਾਰੀ ਕਰਦਿਆਂ ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਕਿਸਾਨ ਸੰਘਰਸ਼ ਦੀ ਹਮਾਇਤ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਅਤੇ ਸਾਬਕਾ ਐਮ ਐਲ ਏ ਕਾਮਰੇਡ ਹਰਦੇਵ ਅਰਸ਼ੀ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਸੂਬਾਈ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ ਨੇ ਕਿਹਾ ਕੇਂਦਰ ਸਰਕਾਰ ਪੰਜਾਬ ਨਾਲ ਧੱਕਾ ਕਰਨਾ ਬੰਦ ਕਰੇ ਅਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਖਤਮ ਕੀਤੀ ਪੰਜਾਬ ਦੀ ਪੱਕੀ ਨੁਮਾਇੰਦਗੀ ਮੁੜ ਬਹਾਲ ਕੀਤੀ ਜਾਵੇ। ਰਿਪੇਰੀਅਨ ਸਟੇਟ ਮੰਨਦਿਆਂ ਪੰਜਾਬ ਦਾ ਪਾਣੀਆਂ ਤੇ ਬਣਦਾ ਪੂਰਾ ਹੱਕ ਦਿੱਤਾ ਜਾਵੇ। ਭਾਰਤ ਵਿੱਚ ਸਟੇਟਾਂ ਨੂੰ ਵੱਧ ਅਧਿਕਾਰ ਦੇ ਕੇ ਸਹੀ ਮਾਅਨਿਆਂ ਵਿੱਚ ਫੈਡਰਲ ਢਾਂਚਾ ਵਿਕਸਿਤ ਕੀਤਾ ਜਾਵੇ। ਮੀਟਿੰਗ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਹੜ੍ਹਾਂ ਤੋਂ ਬਚਾਓ ਲਈ ਅਗਾਊਂ ਪ੍ਰਬੰਧ ਤੇਜ਼ ਕੀਤੇ ਜਾਣ ਜਿਸ ਨਾਲ ਇਸ ਬਰਸਾਤੀ ਰੁੱਤ ਵਿੱਚ ਹੜ੍ਹਾਂ ਦੀ ਮਾਰ ਤੋਂ ਬਚਾਅ ਹੋ ਸਕੇ। ਮੀਟਿੰਗ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਵਾਹਘਾ ਬਾਰਡਰ ਤੇ ਹੁਸੈਨੀਵਾਲਾ ਸਰਹੱਦ ਰਾਹੀਂ ਪਾਕਿਸਤਾਨ ਨਾਲ ਵਪਾਰ ਤੁਰੰਤ ਸ਼ੁਰੂ ਕੀਤਾ ਜਾਵੇ।

ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) 'ਸੇਵਕ ਜਥੇ' ਦੇ ਵਿਸਥਾਰ ਲਈ ਅੱਜ ਵੱਖ-ਵੱਖ ਨਗਰਾਂ ਦੀਆਂ ਸੰਗਤਾਂ ਦੀ ਇਕੱਤਰਤਾ

# ਨਵੇਂ ਅਹੁਦੇਦਾਰਾਂ ਨੂੰ ਸਿਰਪਾਓ ਦੇ ਕੇ ਕੀਤਾ ਸਨਮਾਨਤ









**ਤਲਵੰਡੀ ਸਾਬੋ 11 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਸੇਵਕ ਜਥੇ ਦੇ ਵਿਸਥਾਰ ਲਈ ਅੱਜ ਬੁੰਗਾ ਮਸਤੂਆਣਾ ਸਾਹਿਬ, ਤਲਵੰਡੀ ਸਾਬੋ ਵਿਖੇ ਵਿਸ਼ੇਸ਼ ਇਕੱਤਰਤਾ ਹੋਈ। ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਬਾਬਾ ਸੁਖਦੇਵ ਸਿੰਘ ਅੰਨਦਪੁਰ ਵਾਲੇ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਸਭ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਅੱਗੇ ਅਰਦਾਸ ਬੇਨਤੀ ਕੀਤੀ। ਉਪਰੰਤ ਹੋਈ ਇਕੱਤਰਤਾ ਦੌਰਾਨ ਦਮਦਮੀ ਟਕਸਾਲ ਜਥਾ ਭਿੰਡਰਾਂ ਮਹੀਤਾ ਸੇਵਕ ਜਥੇ ਦਾ ਮਾਲਵਾ ਖੇਤਰ ਵਿੱਚ ਵਿਸਥਾਰ ਕਰਦਿਆਂ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਘਰ ਦੀ ਸੇਵਾ, ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਪੰਥਕ ਕਾਰਜਾਂ ਨੂੰ ਹੋਰ ਮਜ਼ਬੂਤ ਅਤੇ ਲੋਕ ਭਲਾਈ ਕਾਰਜ ਕਰਨ ਦਾ ਸੱਦਾ ਦਿੱਤਾ ਗਿਆ। ਨਵੀਆਂ ਨਿਯੁਕਤੀਆਂ ਅਨੁਸਾਰ ਜਥੇਦਾਰ ਜਗਤਾਰ ਸਿੰਘ ਸੇਖੂ ਨੂੰ ਜ਼ਿਲ੍ਹਾ ਪ੍ਰਧਾਨ ਬਠਿੰਡਾ, ਬਾਬਾ ਬੂਟਾ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ ਮਾਨਸਾ ਅਤੇ ਬਾਬਾ ਗੁਰਜੰਟ ਸਿੰਘ ਨੂੰ ਮੀਤ ਪ੍ਰਧਾਨ ਹਰਿਆਣਾ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਝੁਨੀਰ ਤੋਂ ਜਥੇਦਾਰ ਬਾਬਾ ਹਰਵਿੰਦਰ ਸਿੰਘ ਭਾਗ, ਸਰਦੂਲਗੜ੍ਹ ਤੋਂ ਜਥੇਦਾਰ ਮੱਖਣ ਸਿੰਘ, ਬਠਿੰਡਾ ਦਿਹਾਤੀ ਤੋਂ ਜਸਜੀਤ ਸਿੰਘ ਨੂੰ ਜਥੇਦਾਰ ਅਤੇ ਇੰਦਰਜੀਤ ਸਿੰਘ ਨੂੰ ਮੀਤ ਜਥੇਦਾਰ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸੇ ਮੌਕੇ ਸਰਦਾਰ ਗੁਰਤੇਜ ਸਿੰਘ ਸਿੱਧੂ ਨੂੰ ਮਾਲਵਾ ਜੋਨ ਦਾ ਪ੍ਰੈਸ ਸਕੱਤਰ ਅਤੇ ਧਰਮਿੰਦਰ ਸਿੰਘ ਦਮਦਮਾ ਸਾਹਿਬ ਨੂੰ ਤਲਵੰਡੀ ਸਾਬੋ ਬਲਾਕ ਦਾ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ। ਇਕੱਤਰਤਾ ਵਿੱਚ ਲੰਗਰ ਬੁੰਗਾ ਮਸਤੂਆਣਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕਾਕਾ ਸਿੰਘ ਜੀ, ਮਾਲਵਾ ਜੋਨ ਦੇ ਪ੍ਰਧਾਨ ਭਾਈ ਆਤਮਾ ਸਿੰਘ ਬਠਿੰਡਾ, ਜਥੇਦਾਰ ਭਾਈ ਗੁਰਮੀਤ ਸਿੰਘ ਤਲਵੰਡੀ ਸਾਬੋ (ਕਾਨੂੰਨੀ ਤੇ ਮੀਡੀਆ ਸਲਾਹਕਾਰ), ਬਾਬਾ ਗੁਰਜੰਟ ਸਿੰਘ ਸੇਖੂ, ਮੀਤ ਪ੍ਰਧਾਨ ਜਸਨੂਰ ਸਿੰਘ, ਪ੍ਰਧਾਨ ਕੁਲਦੀਪ ਸਿੰਘ ਹਰਿਆਣਾ, ਭਾਈ ਗੁਰਮੀਤ ਸਿੰਘ ਸੁਖਚੈਨ (ਸੀਨੀਅਰ ਮੈਂਬਰ), ਭਾਈ ਪ੍ਰਗਟ ਸਿੰਘ ਸਾਬਕਾ ਸਰਪੰਚ ਤ੍ਰਿਲੋਕੇਵਾਲਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਜਥੇਦਾਰ ਬਾਬਾ ਸੁਖਦੇਵ ਸਿੰਘ ਸ਼੍ਰੀ ਅੰਨਦਪੁਰ ਸਾਹਿਬ ਵਾਲੇ, ਮਾਲਵਾ ਜੋਨ ਦੇ ਪ੍ਰਧਾਨ ਭਾਈ ਆਤਮਾ ਸਿੰਘ ਅਤੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਜਗਤਾਰ ਸਿੰਘ ਸੇਖੂ ਦਾ ਹਲਕਾ ਤਲਵੰਡੀ ਸਾਬੋ ਦੇ ਪਿੰਡ ਸੇਖੂ, ਤਿਗੜੀ, ਤ੍ਰਿਲੋਕੇਵਾਲਾ, ਦਾਦੂ, ਸੁਖਚੈਨ, ਮਾਖਾ, ਸ਼ੇਖਪੁਰਾ, ਰੋੜੀ, ਸਰਦੂਲਗੜ੍ਹ, ਬਠਿੰਡਾ, ਤਲਵੰਡੀ ਸਾਬੋ ਅਤੇ ਮਾਨਸਾ ਜ਼ਿਲ੍ਹੇ ਤੋਂ ਪਹੁੰਚੀਆਂ ਸੰਗਤਾਂ ਵੱਲੋਂ ਸਿਰਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰੂ ਘਰ ਦੀ ਸੇਵਾ ਅਤੇ ਪੰਥਕ ਏਕਤਾ ਲਈ ਅਤੇ ਲੋਕ ਭਲਾਈ ਕਾਰਜਾਂ ਨੂੰ ਮਿਲਜੁਲ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ ਗਿਆ।

'ਸ਼ੇਲਿੰਦਰਜੀਤ ਸਿੰਘ ਰਾਜਨ' ਦੁਆਰਾ ਸੰਪਾਦਿਤ ਕਾਵਿ ਸੰਗ੍ਰਹਿ

# 'ਕਲਮਾਂ ਦੀ ਉਡਾਣ' ਲੋਕ ਅਰਪਿਤ ਸਮਾਗਮ

**ਬਾਬਾ ਬਕਾਲਾ ਸਾਹਿਬ, 12 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ । ਇਸ ਮੌਕੇ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ ਅਤੇ ਪ੍ਰਿੰ: ਹਰਬੰਸ ਸਿੰਘ ਘੇਈ ਸਾ: ਐਕਸਾਈਜ ਐਂਡ ਟੈਕਸੇਸ਼ਨ ਕਮਿਸ਼ਨਰ ਪੰਜਾਬ ਬਤੌਰ ਮੁੱਖ ਮਹਿਮਾਨ ਵਜੋਂ ਪੁਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ 'ਸ਼ੇਲਿੰਦਰਜੀਤ ਸਿੰਘ ਰਾਜਨ', ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਸੀਨੀਅਰ ਪੱਤਰਕਾਰ ਐਸ. ਪ੍ਰਸ਼ੋਤਮ, ਸਾਹਿਤ ਸਭਾ ਫਿਰੋਜ਼ਪੁਰ ਤੋਂ ਸੁਖਦੇਵ ਸਿੰਘ ਭੱਟੀ ਫਿਰੋਜ਼ਪੁਰੀ, ਪੰਜਾਬੀ ਸਾਹਿਤ ਸਭਾ ਕਰਤਾਰਪੁਰ ਦੇ ਪ੍ਰਧਾਨ ਲਾਲੀ ਕਰਤਾਰਪੁਰੀ, ਮੱਖਣ ਸਿੰਘ ਭੈਣੀਵਾਲਾ ਸਾ: ਬੀ.ਈ.ਈ.ਓ., ਡਾ: ਕੁਲਵੰਤ ਸਿੰਘ ਬਾਠ ਸਾ: ਵੈਟਰਨਰੀ ਅਫਸਰ ਆਦਿ ਸ਼ੁਸ਼ੋਭਿਤ ਹੋਏ । ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਦੁਆਰਾ ਸੰਪਾਦਿਤ 15ਵਾਂ ਸਾਂਝਾ ਕਾਵਿ ਸੰਗ੍ਰਹਿ 'ਕਲਮਾਂ ਦੀ ਉਡਾਣ' ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤੀ ਗਈ, ਜਿਸ ਵਿੱਚ ਸਭਾ ਦੇ 31 ਕਵੀਆਂ ਦੀਆਂ ਕਾਵਿ ਰਚਨਾਵਾਂ ਸ਼ਾਮਿਲ ਹਨ । ਇਸ ਮੌਕੇ ਸਭਾ ਵੱਲੋਂ ਪਾਸ ਕੀਤੇ ਗਏ ਮਤਿਆਂ ਵਿੱਚ ਜਿੱਥੇ ਪੰਜਾਬ ਸਰਕਾਰ ਵੱਲੋਂ ਮਾਤ ਭਾਸ਼ਾ ਪੰਜਾਬੀ ਪ੍ਰਤੀ ਅਪਾਣਈ ਜਾ ਰਹੀ ਨੀਅਤ ਅਤੇ ਨੀਤੀ ਦੀ ਸਖਤ ਨਿੰਦਾ ਕੀਤੀ ਗਈ, ਉਥੇ ਸ: ਜਸਵੰਤ ਸਿੰਘ ਖਾਲੜਾ 'ਤੇ ਬਣੀ "ਸਤਲੁਜ" ਫਿਲਮ ਨੂੰ ਬੈਨ ਕਰਨ ਦੀ ਵੀ ਸਖਤ ਨਿੰਦਾ ਕੀਤੀ ਗਈ । ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਜਤਿੰਦਰਪਾਲ ਕੌਰ ਭਿੰਡਰ, ਗੁਰਮੀਤ ਕੌਰ ਬੱਲ ਜੋਧੇ, ਹਰਵਿੰਦਰਜੀਤ ਕੌਰ ਬਾਠ, ਸੁਰਿੰਦਰ ਖਿਲਚੀਆਂ, ਸਿਮਰਨਜੀਤ ਕੌਰ ਮਾਹਲਾ, ਜਗਦੀਸ਼ ਸਿੰਘ ਬਮਰਾਹ, ਸੂਬੇਦਾਰ ਹਰਜੀਤ ਸਿੰਘ, ਡਾ: ਸਰਬਜੀਤ ਸਿੰਘ ਬਿੱਲਾ, ਮਾ: ਬਲਬੀਰ ਸਿੰਘ ਬੀਰ ਬੋਲੇਵਾਲੀਆ, ਡਾ: ਅਮਨਦੀਪ ਸਿੰਘ ਬਿਆਸ, ਦਵਿੰਦਰ ਸਿੰਘ ਭੋਲਾ ਜੰਡਿਆਲ ਗੁਰੂ, ਬਲਵਿੰਦਰ ਸਿੰਘ ਅਠੌਲਾ, ਅਜੀਤ ਸਿੰਘ ਸਠਿਆਲਵੀ, ਅਜੈਬ ਸਿੰਘ ਬੋਦੇਵਾਲ, ਕੈਪਟਨ ਸਿੰਘ ਮਹਿਤਾ, ਜਤਿੰਦਰ ਸਿੰਘ, ਬਲਦੇਵ ਸਿੰਘ ਸਠਿਆਲਾ, ਭੀਮ ਸੈਨ ਫਿਰੋਜ਼ਪੁਰੀਆ, ਡਾ: ਕੁਲਵਿੰਦਰ ਸਿੰਘ ਬਾਣੀਆਂ, ਦਿਲਰਾਜ ਸਿੰਘ ਦਰਦੀ, ਜਪਦੀਪ ਸਿੰਘ, ਸੂਬੇਦਾਰ ਹਰਜਿੰਦਰ ਸਿੰਘ, ਪੰਕਜ ਸਿੰਘ ਅਜਨਾਲਾ, ਗੁਰਦੇਵ ਸਿੰਘ ਸਾਵਣ ਸਿੰਘ ਨਗਰ, ਜਸਬੀਰ ਸਿੰਘ ਨਾਰਲਾ, ਗੁਰਪ੍ਰੀਤ ਸਿੰਘ ਲੱਖੂਵਾਲ, ਸੰਨਪ੍ਰੀਤ ਸਿੰਘ ਮਣੀ, ਅਗਮਜੋਤ ਸਿੰਘ, ਜਪਨਜੋਤ ਸਿੰਘ ਲੁਧਿਆਣਾ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨਿਆ । ਮੰਚ ਸੰਚਾਲਨ ਦੇ ਫਰਜ਼ ਸ਼ੇਲੰਦਿਰਜੀਤ ਸਿੰਘ ਰਾਜਨ ਨੇ ਨਿਭਾਏ।





# ਨਸਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਸਬ ਡਵੀਜ਼ਨ ਮੂਨਕ ਵਿਖੇ 02 ਮੁਕੱਦਮੇ ਦਰਜ; 03 ਮੁਲਜ਼ਮ ਗ੍ਰਿਫਤਾਰ



**ਮੂਨਕ (ਰਣਜੀਤ ਸਿੰਘ ਪੇਧਨੀ)-** ਡਾ. ਰਵਜੋਤ ਗਰੇਵਾਲ, ਐਸ.ਐਸ.ਪੀ. ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬ ਡਵੀਜ਼ਨ ਮੂਨਕ ਪੁਲਿਸ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਅਤੇ "ਪਿੰਡਾਂ ਦੇ ਪਹਿਰੇਦਾਰ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 05.07.2026 ਤੋਂ 12.07.2026 ਤਕ ਡਰੱਗ ਦੇ 02 ਮੁਕੱਦਮੇ ਦਰਜ ਕਰਕੇ 03 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਮੁਲਜ਼ਮਾਂ ਪਾਸੋਂ 16 ਕਿਲੋ ਗ੍ਰਾਮ ਭੁੱਕੀ ਚੂਰਾ ਪੋਸਤ ਅਤੇ 500 ਗ੍ਰਾਮ ਸੁਲਫਾ ਬ੍ਰਾਮਦ ਕਰਵਾਏ ਗਏ। 27 ਐਨ.ਡੀ.ਪੀ.ਐਸ ਤਹਿਤ 03 ਮੁਕੱਦਮੇ ਦਰਜ ਕਰਕੇ 04 ਮੁਲਜ਼ਮਾਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ ਤੇ ਨਸ਼ੇ ਦੀ ਦਲਦਲ ਵਿੱਚ ਫਸੇ 12 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿਚੋਂ ਦਵਾਈ ਦਿਲਵਾਈ ਗਈ । ਵੱਖ ਵੱਖ ਧਾਰਾਵਾਂ ਤਹਿਤ ਦਰਜ ਹੋਏ ਮੁਕੱਦਮਿਆਂ ਵਿੱਚ 16 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ। ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ 135 ਟਰੈਫਿਕ ਚਲਾਣ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 59 ਵਿਅਕਤੀਆਂ ਵਿਰੁੱਧ ਕਾਰਵਾਈ ਕੀਤੀ ਗਈ ਅਤੇ 11 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।

# ਸੂਰਯਾ ਸਿਟੀ ਆਰ.ਡਬਲਿਊ.ਏ. ਵੱਲੋਂ ਪੌਦੇ ਲਗਾਉਣ ਦੀ ਮੁਹਿੰਮ, 42 ਪੌਦੇ ਲਗਾਏ



**ਖਰੜ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਸੂਰਯਾ ਸਿਟੀ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ (ਆਰ. ਡਬਲਿਊ. ਏ.) ਵੱਲੋਂ ਵਾਤਾਵਰਨ ਦੀ ਸੰਭਾਲ ਲਈ ਪੌਦੇ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਹ ਮੁਹਿੰਮ ਸੰਸਥਾ ਦੇ ਪ੍ਰਧਾਨ ਸ਼੍ਰੀ ਵਿਰਿੰਦਰ ਕੁਮਾਰ ਦੀ ਅਗਵਾਈ ਹੇਠ ਚਲਾਈ ਗਈ। ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਇਸ ਮੁਹਿੰਮ ਲਈ ਇਹ ਸਮਾਂ ਚੁਣਿਆ ਗਿਆ, ਤਾਂ ਜੋ ਲਗਾਏ ਗਏ ਪੌਦਿਆਂ ਦਾ ਵਧੀਆ ਵਿਕਾਸ ਹੋ ਸਕੇ। ਇਸ ਦੌਰਾਨ ਪੂਰੀ ਕਲੋਨੀ ਵਿੱਚ ਲਗਭਗ 42 ਪੌਦੇ ਲਗਾਏ ਗਏ। ਇਸ ਮੌਕੇ 'ਤੇ ਆਰ.ਡਬਲਿਊ.ਏ. ਮੈਂਬਰਾਂ ਨੇ ਕਿਹਾ ਕਿ ਰੁੱਖ ਮਨੁੱਖੀ ਜੀਵਨ ਲਈ ਬਹੁਤ ਮਹੱਤਵਪੂਰਨ ਹਨ ਅਤੇ ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਦੀ ਅਪੀਲ ਕੀਤੀ। ਮੁਹਿੰਮ ਲਈ ਪੌਦੇ ਮੁਹੱਈਆ ਕਰਵਾਉਣ ਅਤੇ ਸਹਿਯੋਗ ਦੇਣ ਲਈ ਕਮੇਟੀ ਮੈਂਬਰਾਂ ਨੇ ਸ਼੍ਰੀ ਮਹੇਸ਼ ਕੁਮਾਰ ਚੌਹਾਨ ਦਾ ਧੰਨਵਾਦ ਕੀਤਾ। ਇਸ ਮੌਕੇ ਸ਼੍ਰੀ ਸੰਜੀਵ ਚੋਪੜਾ, ਸ਼੍ਰੀ ਟੋਨੀ ਬੰਸਲ, ਸ਼੍ਰੀ ਅਰਵਿੰਦ ਚੰਦੇਲ, ਸ਼੍ਰੀ ਬਹਾਦਰ ਸਿੰਘ ਭੱਟੀ, ਸ਼੍ਰੀ ਸਤੀਸ਼ ਪੰਵਾਰ, ਸ਼੍ਰੀ ਦੀਪਕ ਕੁਮਾਰ, ਸ਼੍ਰੀ ਸੁਰੇਸ਼ ਵਰਮਾ, ਸ਼੍ਰੀ ਰਾਜਵੀਰ ਸਿੰਘ ਅਤੇ ਸ਼੍ਰੀ ਸ਼ਰਮਾ ਸਮੇਤ ਕਈ ਮੈਂਬਰ ਅਤੇ ਨਿਵਾਸੀ ਮੌਜੂਦ ਰਹੇ। ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਦੀ ਅਪੀਲ ਕੀਤੀ। ਮੁਹਿੰਮ ਲਈ ਪੌਦੇ ਮੁਹੱਈਆ ਕਰਵਾਉਣ ਅਤੇ ਸਹਿਯੋਗ ਦੇਣ ਲਈ ਕਮੇਟੀ ਮੈਂਬਰਾਂ ਨੇ ਸ਼੍ਰੀ ਮਹੇਸ਼ ਕੁਮਾਰ ਚੌਹਾਨ ਦਾ ਧੰਨਵਾਦ ਕੀਤਾ। ਇਸ ਮੌਕੇ ਸ਼੍ਰੀ ਸੰਜੀਵ ਚੋਪੜਾ, ਸ਼੍ਰੀ ਟੋਨੀ ਬੰਸਲ, ਸ਼੍ਰੀ ਅਰਵਿੰਦ ਚੰਦੇਲ, ਸ਼੍ਰੀ ਬਹਾਦਰ ਸਿੰਘ ਭੱਟੀ, ਸ਼੍ਰੀ ਸਤੀਸ਼ ਪੰਵਾਰ, ਸ਼੍ਰੀ ਦੀਪਕ ਕੁਮਾਰ, ਸ਼੍ਰੀ ਸੁਰੇਸ਼ ਵਰਮਾ, ਸ਼੍ਰੀ ਰਾਜਵੀਰ ਸਿੰਘ ਅਤੇ ਸ਼੍ਰੀ ਸ਼ਰਮਾ ਸਮੇਤ ਕਈ ਮੈਂਬਰ ਅਤੇ ਨਿਵਾਸੀ ਮੌਜੂਦ ਰਹੇ।





## ਜਨਮ ਦਿਨ ਮੁਬਾਰਕ

**ਅਜੈਦੀਪ ਸਿੰਘ ਖੁਜਾਲਾ**
ਪਿਤਾ-ਭਗਵਾਨ ਸਿੰਘ ਖੁਜਾਲਾ, ਮਾਤਾ-ਰਾਜਵਿੰਦਰ ਕੌਰ, ਪਿੰਡ ਖੁਜਾਲਾ ਜ਼ਿਲ੍ਹਾ ਅੰਮ੍ਰਿਤਸਰ।
(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243